ਸਾਂਝੀ ਸੋਚ
SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ
VOL-11 ISSUE 1745 | 19 May, 2024 Sunday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

# ਚੋਣਾਂ 'ਚ ਹਥਿਆਰਾਂ ਦੀ ਨਹੀਂ, ਸਗੋਂ ਵਿਚਾਰਾਂ ਦੀ ਲੜਾਈ ਹੋਣੀ ਚਾਹੀਦੀ ਹੈ -ਔਜਲਾ

## ਸਾਡੇ ਵਰਕਰਾਂ 'ਤੇ ਹਮਲਾ ਧਾਲੀਵਾਲ ਦੇ ਰਿਸ਼ਤੇਦਾਰ ਦੀ ਸ਼ਹਿ 'ਤੇ ਹੋਇਆ



ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਐੱਮਆਰ ਪੈਲੇਸ ਦੇ ਸਾਹਮਣੇ ਭੱਖਾ ਹਰੀ ਸਿੰਘ, ਅਜਨਾਲਾ, ਅੰਮ੍ਰਿਤਸਰ ਦੇ ਸਾਹਮਣੇ ਚਲ ਰਹੀ ਰੈਲੀ ਵਿੱਚ ਦੇ ਬਾਹਰ ਗੋਲੀ ਚੱਲਣ ਨਾਲ ਦੋ ਵਿਅਕਤੀ ਗੰਭੀਰ ਜ਼ਖਮੀ ਹੋ ਗਏ। ਪੈਲੇਸ ਦੇ ਬਾਹਰ ਦੋ ਗੱਡੀਆਂ ਵਿੱਚ ਆਰੋਪੀ ਆਏ ਅਤੇ ਦੋ ਕਾਂਗਰਸੀ ਵਰਕਰਾਂ ਲਵਲੀ ਕੁਮਾਰ ਵਾਸੀ ਉਗਰ ਔਲਖ ਅਤੇ ਉਸ ਦੇ ਸਾਥੀ ਬਲਜਿੰਦਰ ਸਿੰਘ ਜੋ ਕਿ ਉੱਥੇ ਹਾਜ਼ਰੀ ਭਰਨ ਆਏ ਸਨ, 'ਤੇ ਗੋਲੀਆਂ ਚਲਾ ਦਿੱਤੀਆਂ। ਉਨ੍ਹਾਂ 'ਤੇ ਤਲਵਾਰਾਂ ਨਾਲ ਹਮਲਾ ਕਰਕੇ ਜ਼ਖਮੀ ਵੀ ਕੀਤਾ ਗਿਆ। ਇਸ ਤੋਂ ਪਹਿਲਾਂ ਕਿ ਕੋਈ ਕੁਝ ਸਮਝਦਾ, ਦੋਸ਼ੀ ਮੌਕੇ ਤੋਂ ਫ਼ਰਾਰ ਹੋ ਗਏ। ਜਦੋਂ ਬਾਹਰ ਹਮਲਾ ਹੋਇਆ ਤਾਂ ਗੁਰਜੀਤ ਸਿੰਘ ਔਜਲਾ ਅੰਦਰ ਸਟੇਜ 'ਤੇ ਸੰਬੋਧਨ ਕਰ ਰਹੇ ਸਨ। ਗੁਰਜੀਤ ਸਿੰਘ ਔਜਲਾ ਨੇ ਦੱਸਿਆ ਕਿ ਉਕਤ ਵਰਕਰ ਆਪਣੇ ਸਾਥੀਆਂ ਨਾਲ ਰੈਲੀ ਵਿਚ ਪਹੁੰਚਿਆ ਸੀ ਅਤੇ ਜਿਵੇਂ ਹੀ ਉਹ ਪਾਣੀ ਪੀਣ ਲਈ ਬਾਹਰ ਨਿਕਲਿਆ ਤਾਂ ਉਸ ਦੇ ਹੀ ਪਿੰਡ ਦੇ ਕੁਝ ਵਿਅਕਤੀਆਂ ਨੇ ਉਸ 'ਤੇ ਹਮਲਾ ਕਰ ਦਿੱਤਾ। ਜਿਸ ਕਾਰਨ ਉਹ ਜ਼ਖ਼ਮੀ ਹੋ ਗਿਆ।

ਗੁਰਜੀਤ ਸਿੰਘ ਔਜਲਾ ਨੇ ਇਸ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਚੋਣਾਂ ਦੌਰਾਨ ਅਤੇ ਹਜ਼ਾਰਾਂ ਲੋਕਾਂ ਦੀ ਰੈਲੀ ਵਿੱਚ ਗੋਲੀਬਾਰੀ ਦੀ ਘਟਨਾ ਨੂੰ ਅੰਜਾਮ ਦੇਣ ਲਈ ਹਿੰਮਤ ਦੀ ਲੋੜ ਹੁੰਦੀ ਹੈ ਅਤੇ ਅਜਿਹੀ ਹਿੰਮਤ ਬਿਨਾਂ ਕਿਸੇ ਸ਼ਹਿ ਦੇ ਨਹੀਂ ਆਉਂਦੀ। ਉਨ੍ਹਾਂ ਕਿਹਾ ਕਿ ਗੋਲੀ ਚਲਾਉਣ ਵਾਲਾ ਆਮ ਆਦਮੀ ਪਾਰਟੀ ਦਾ ਆਗੂ ਕੁਲਦੀਪ ਸਿੰਘ ਧਾਲੀਵਾਲ ਦੇ ਮਾਸਟਰ ਮਾਈਂਡ ਸੁਬੇਗ ਸਿੰਘ ਦਾ ਰਿਸ਼ਤੇਦਾਰ ਹੈ। ਉਨ੍ਹਾਂ ਕਿਹਾ ਕਿ ਅਜਿਹੀ ਗੁੰਡਾਗਰਦੀ ਬੇਹਦ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਚੋਣਾਂ ਲੜੋ, ਪ੍ਰਚਾਰ ਕਰੋ ਪਰ ਲੋਕਾਂ ਨੂੰ ਡਰਾਉਣਾ ਬੰਦ ਕਰੋ। ਜੰਗਲ ਰਾਜ ਵਰਗੇ ਹਾਲਾਤ ਨਜਰ ਆ ਰਹੇ ਹਨ। ਉਹਨਾਂ ਨੇ ਕਿਹਾ ਕਿ ਉਹਨਾਂ ਨੂੰ ਉਮੀਦ ਨਹੀਂ ਸੀ ਕਿ ਦੋਸ਼ੀ ਇਸ ਪੱਧਰ ਤੱਕ ਡਿੱਗ ਜਾਣਗੇ ਅਤੇ ਉਹਨਾਂ ਦੇ ਸਾਥੀਆਂ 'ਤੇ ਹਮਲਾ ਕਰਨਗੇ। ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਸਾਰਥਕ ਰਾਜਨੀਤੀ ਦੀ ਗੱਲ ਕਰਦੇ ਰਹੇ ਹਨ। ਉਨਾਂ ਕਿਹਾ ਕਿ ਹਰ ਸਿਆਸਤਦਾਨ ਨੂੰ ਆਪਣੇ ਕੰਮਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣਾ ਚਾਹੀਦਾ ਹੈ, ਪਰ ਉਨ੍ਹਾਂ ਨੂੰ ਇਹ ਨਹੀਂ ਸੀ ਪਤਾ ਕਿ ਵਿਰੋਧੀ ਪਾਰਟੀਆਂ ਅਜਿਹੀ ਰਾਜਨੀਤੀ ਕਰਨਗੀਆਂ।

ਉਨ੍ਹਾਂ ਕਿਹਾ ਕਿ ਉਹ ਜਾਨਲੇਵਾ ਹਮਲਿਆਂ ਨਾਲ ਲੋਕਾਂ ਨੂੰ ਡਰਾ ਕੇ ਜਿੱਤ ਹਾਸਲ ਕਰਨਾ ਚਾਹੁੰਦੇ ਹਨ ਪਰ ਸੱਤਾ ਵਿੱਚ ਆਉਣ ਲਈ ਅਜਿਹੇ ਹੱਥਕੰਡੇ ਅਪਨਾਉਣਾ ਸ਼ਰਮਨਾਕ ਹੈ। ਉਨ੍ਹਾਂ ਕਿਹਾ ਕਿ ਅਜਿਹੇ ਹਮਲੇ ਕਾਰਨ ਉਨ੍ਹਾਂ ਨੂੰ ਵੀ ਜਾਨ ਦਾ ਖ਼ਤਰਾ ਹੈ। ਉਨ੍ਹਾਂ ਇਸ ਸਬੰਧੀ ਪੁਲੀਸ ਕਮਿਸ਼ਨਰ ਅਤੇ ਚੋਣ ਕਮਿਸ਼ਨ ਨੂੰ ਵੀ ਸ਼ਿਕਾਇਤ ਕੀਤੀ ਹੈ ਅਤੇ ਉਨ੍ਹਾਂ ਦੀ ਸੁਰੱਖਿਆ ਵਧਾਉਣ ਦੀ ਮੰਗ ਵੀ ਕੀਤੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਚੋਣ ਕਮਿਸ਼ਨ ਤੋਂ ਮੰਗ ਹੈ ਕਿ ਗੁੰਡਾਰਾਜ ਨੂੰ ਰੋਕਿਆ ਜਾਵੇ ਅਤੇ ਅਜਨਾਲਾ ਨੂੰ ਸੰਵੇਦਨਸ਼ੀਲ ਇਲਾਕਾ ਐਲਾਨਿਆ ਜਾਵੇ।

ਉਨ੍ਹਾਂ ਕਿਹਾ ਕਿ 2007 ਤੋਂ 2017 ਤੱਕ ਅਕਾਲੀ-ਭਾਜਪਾ ਸਰਕਾਰ ਦੌਰਾਨ ਵੀ ਇਸੇ ਤਰ੍ਹਾਂ ਦੀ ਗੁੰਡਾਗਰਦੀ ਦਾ ਬੋਲਬਾਲਾ ਰਿਹਾ ਅਤੇ ਹੁਣ ਫਿਰ ਤੋਂ 'ਆਪ' ਸਰਕਾਰ 'ਚ ਇਹ ਘਟਨਾਵਾਂ ਖੁੱਲ੍ਹ ਕੇ ਸਰਕਾਰ 'ਤੇ ਸਵਾਲ ਖੜ੍ਹੇ ਕਰ ਰਹੀਆਂ ਹਨ। ਇਸ ਸਮੇਂ ਸਾਬਕਾ ਡਿਪਟੀ ਸੀ.ਐਮ ਓ.ਪੀ.ਸੋਨੀ, ਸਾਬਕਾ ਵਿਧਾਇਕ ਡਾ.ਰਾਜ ਕੁਮਾਰ, ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ, ਕਾਂਗਰਸ ਦੇ ਸ਼ਹਿਰੀ ਪ੍ਰਧਾਨ ਅਸ਼ਵਨੀ ਪੱਪੂ, ਕੌਂਸਲਰ ਸੰਦੀਪ ਸ਼ਰਮਾ ਰਿੰਕਾ, ਕਾਂਗਰਸੀ ਆਗੂ ਸੰਜੀਵ ਅਰੋੜਾ ਨੇ ਇਸ ਮਾਮਲੇ ਦੀ ਸਖ਼ਤ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਪੁਲਿਸ ਅਤੇ ਚੋਣ ਕਮਿਸ਼ਨ ਨੂੰ ਇਸ ਮਾਮਲੇ ਦੀ ਜਾਂਚ ਕਰਨੀ ਚਾਹੀਦੀ ਹੈ ਅਤੇ ਚੋਣਾਂ ਸ਼ਾਂਤੀਪੂਰਵਕ ਕਰਵਾਉਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਇਸ ਮਾਮਲੇ ਵਿੱਚ ਜਲਦੀ ਕਾਰਵਾਈ ਨਾ ਕੀਤੀ ਗਈ ਤਾਂ ਪੁਲੀਸ ਅਤੇ ਪ੍ਰਸ਼ਾਸਨ ਖ਼ਿਲਾਫ਼ ਆਵਾਜ਼ ਬੁਲੰਦ ਕੀਤੀ ਜਾਵੇਗੀ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

GINNY BEDI LAW PC
Immigration
Divorce
Custody and Support issues
Business Disputes
Living Trusts
Criminal Matters
Misdemeanors
DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Serving Punjabi Mother Tongue In America For The Last 12 Years
ਸਾਂਝੀ ਸੋਚ
DAILY SANJHI SOCH NEWSPAPER
LAUNCHING SOON IN Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
LAUNCHING SOON
info@sanjhisoch.com ਤੇ ਭੇਜੋ
+1 (209) 303-1260 | +91 81463-20009

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE





## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER
ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road, Suite H2-167 Modesto, CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਚੋਣ ਦੀ ਜੰਗ ਵਿੱਚ ਅਸਲੀ ਜੰਗ ਵਾਂਗ ਸਭ ਕੁਝ ਜਾਇਜ਼ ਮੰਨਿਆ ਜਾਣ ਲੱਗੈ

ਇਲਾਕੇ ਦੇ ਹਿਸਾਬ ਨਾਲ ਵੇਖੋ ਤਾਂ ਭਾਰਤ ਦੇਸ਼ ਦੁਨੀਆ ਦੇ ਦੇਸ਼ਾਂ ਵਿੱਚ ਸੱਤਵੇਂ ਨੰਬਰ ਵਾਲਾ ਹੈ, ਪਰ ਹਰ ਇੱਕ ਦੇਸ਼ ਵਿੱਚ ਵੱਸਦੇ ਲੋਕਾਂ ਦੀ ਗਿਣਤੀ ਪੱਖੋਂ ਵੇਖੋ ਤਾਂ ਇਹ ਸੰਸਾਰ ਦਾ ਸਭ ਤੋਂ ਵੱਡਾ ਦੇਸ਼ ਹੈ। ਪਹਿਲਾਂ ਚੀਨ ਇਸ ਤੋਂ ਵੱਧ ਆਬਾਦੀ ਵਾਲਾ ਦੇਸ਼ ਹੋਇਆ ਕਰਦਾ ਸੀ, ਸਾਲ 2022 ਵਿੱਚ ਇਹ ਇਸ ਪੱਖ ਤੋਂ ਚੀਨ ਨੂੰ ਪਿੱਛੇ ਛੱਡ ਕੇ ਪਹਿਲੇ ਨੰਬਰ ਉੱਤੇ ਆ ਖੜੋਤਾ ਸੀ। ਇਹ ਦੇਸ਼ ਇਸ ਵੇਲੇ ਸੱਤਾ ਦੀ ਅੰਦਰੂਨੀ ਜੰਗ ਦੀਆਂ ਬਰੂੰਹਾਂ ਉੱਤੇ ਹੈ ਅਤੇ ਲੋਕਤੰਤਰੀ ਹੋਣ ਦੇ ਬਾਵਜੂਦ ਸੱਤਾ ਦੀ ਇਹ ਜੰਗ ਲੋਕਤੰਤਰੀ ਮਿਆਰਾਂ ਤੇ ਰਿਵਾਇਤਾਂ ਦਾ ਪੱਲਾ ਛੱਡਣ ਪਿੱਛੋਂ ਪੁਰਾਣੇ ਵਕਤ ਦੀਆਂ 'ਤਖਤ ਜਾਂ ਤਖਤਾ' ਦੀਆਂ ਜੰਗਾਂ ਦਾ ਨਮੂਨਾ ਪੇਸ਼ ਕਰਦੀ ਪਈ ਹੈ। ਇਹ ਮੁਹਾਵਰਾ ਕਿਸੇ ਨੂੰ ਦੱਸਣ ਦੀ ਲੋੜ ਨਹੀਂ ਕਿ 'ਪਿਆਰ ਤੇ ਜੰਗ ਵਿੱਚ ਸਭ ਕੁਝ ਜਾਇਜ਼ ਮੰਨਿਆ ਜਾਂਦਾ ਹੈ', ਪਰ ਹਰ ਜੰਗ ਇੱਕੋ ਤਰ੍ਹਾਂ ਦੀ ਨਹੀਂ ਹੁੰਦੀ। ਸਾਡੇ ਸਮੇਂ ਵਿੱਚ ਖੇਡਾਂ ਦੇ ਮੈਦਾਨ ਵਿੱਚ ਵੀ ਖਿਡਾਰੀ ਜੰਗ ਵਾਂਗ ਜੂਝਦੇ ਹਨ, ਪਰ ਕੁਝ ਹੱਦ ਤੱਕ ਅਸੂਲਾਂ ਦਾ ਖਿਆਲ ਰੱਖਣਾ ਉਨ੍ਹਾਂ ਵਾਸਤੇ ਵੀ ਜ਼ਰੂਰੀ ਮੰਨਿਆ ਜਾਂਦਾ ਹੈ। ਜਿਹੜਾ ਖਿਡਾਰੀ ਜਾਂ ਟੀਮ ਉਨ੍ਹਾਂ ਅਸੂਲਾਂ ਦੀ ਉਲੰਘਣਾ ਦੀ ਪ੍ਰਵਾਹ ਨਾ ਕਰੇ, ਉਸ ਦੇ ਖਿਲਾਫ ਰੈਫਰੀ ਜਾਂ ਸੰਬੰਧਤ ਖੇਡ ਮੁਕਾਬਲਾ ਕਰਾਉਣ ਵਾਲੀ ਕਮੇਟੀ ਜਾਂ ਫਿਰ ਖੇਡ ਜ਼ਾਬਤੇ ਲਈ ਉਨ੍ਹਾਂ ਤੋਂ ਵੀ ਉੱਪਰਲਾ ਦਰਜ਼ਾ ਰੱਖਦੀ ਕੋਈ ਕਮੇਟੀ ਕਾਰਵਾਈ ਕਰਦੀ ਹੈ। ਲੋਕਤੰਤਰ ਦੀ ਜੰਗ ਇਸ ਵੇਲੇ ਇਸ ਦੇਸ਼ ਵਿੱਚ ਸਾਰੇ ਚੱਜ-ਆਚਾਰ ਅਤੇ ਅਸੂਲਾਂ ਦੀ ਉਲੰਘਣਾ ਕਰ ਕੇ ਲੜੀ ਜਾਂਦੀ ਜਾਪਣ ਲੱਗ ਪਈ ਹੈ। ਚੋਣ ਜੰਗ ਦੌਰਾਨ ਮਿਥੇ ਗਏ ਅਸੂਲਾਂ ਦੀ ਪਾਲਣਾ ਹੋਵੇ ਤੇ ਕੋਈ ਇਨ੍ਹਾਂ ਦੀ ਉਲੰਘਣਾ ਨਾ ਕਰੇ, ਇਸ ਦੇ ਲਈ ਚੋਣ ਕਮਿਸ਼ਨ ਦਾ ਇੱਕ ਦਫਤਰ ਹੈ, ਪਰ ਇਹ ਕਮਿਸ਼ਨ ਸਿਰਫ ਇੱਕ ਦਫਤਰ ਬਣ ਕੇ ਰਹਿ ਗਿਆ ਹੈ, ਜਿੱਥੇ ਬੈਠੇ ਉਮਰ ਭਰ ਅਫਸਰੀਆਂ ਮਾਣ ਚੁੱਕੇ ਬਾਬੂ ਟਾਈਪ ਕਮਿਸ਼ਨਰ 'ਮੌਕੇ ਦੇ ਮਾਲਕ' ਦੀ ਹਰ ਚੰਗੀ-ਮੰਦੀ ਗੱਲ ਨੂੰ ਅਣਲਿਖਿਆ ਅਸੂਲ ਮੰਨਦੇ ਤੇ ਅਣਗੌਲਿਆ ਕਰੀ ਜਾਂਦੇ ਹਨ। ਏਦਾਂ ਨਾ ਹੁੰਦਾ ਤਾਂ ਜਦੋਂ ਤੇ ਜਿਸ ਵੀ ਆਗੂ ਨੇ ਅਸੂਲਾਂ ਦੀ ਉਲੰਘਣਾ ਕੀਤੀ ਹੁੰਦੀ, ਉਹਦੇ ਖਿਲਾਫ ਚੋਣ ਕਮਿਸ਼ਨ ਆਪਣੇ ਮਿਥੇ ਨਿਯਮਾਂ ਮੁਤਾਬਕ ਕਾਰਵਾਈ ਕਰ ਸਕਦਾ ਸੀ, ਪਰ ਕੀਤੀ ਨਹੀਂ ਜਾਂਦੀ, ਸਿਰਫ ਵਿਰੋਧੀ ਆਗੂ ਨੁਕਤਾਚੀਨੀ ਕਰਦੇ ਹਨ।

ਸੰਸਾਰ ਦੇ ਵਿਕਸਤ ਦੇਸ਼ਾਂ ਵਿੱਚ ਧਰਮ ਦੇ ਨਾਂਅ ਉੱਤੇ ਵੋਟਰਾਂ ਨੂੰ ਅਪੀਲਾਂ ਹੁੰਦੀਆਂ ਹੋਣ ਦੀਆਂ ਖਬਰਾਂ ਅਸੀਂ ਵੀ ਕਦੇ-ਕਦੇ ਸੁਣਦੇ ਹੁੰਦੇ ਸਾਂ, ਪਰ ਭਾਰਤ ਵਿੱਚ ਆਜ਼ਾਦੀ ਮਿਲਣ ਤੋਂ ਬਾਅਦ ਦੀ ਹਰ ਚੋਣ-ਜੰਗ ਵਿੱਚ ਇਸ ਪੈਂਤੜੇ ਦੀ ਵਰਤੋਂ ਹੁੰਦੀ ਆਈ ਹੈ ਤੇ ਅੱਜ ਵੀ ਹੋ ਰਹੀ ਹੈ। ਹਾਲੇ ਪਹਿਲੀ ਚੋਣ ਹੋਣੀ ਸੀ ਕਿ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਦੇ ਮੁਕਾਬਲੇ ਇੱਕ ਹਿੰਦੂ ਸੰਤ ਲਿਆ ਕੇ ਉਮੀਦਵਾਰ ਵਜੋਂ ਖੜਾ ਕਰ ਦਿੱਤਾ ਗਿਆ, ਜਿਹੜਾ ਕਹਿੰਦਾ ਸੀ ਕਿ ਨਹਿਰੂ ਨੇ ਮੁਸਲਮਾਨ ਨਾਲ ਧੀ ਵਿਆਹ ਕੇ ਪਾਪ ਕੀਤਾ ਹੈ, ਮੈਂ ਉਸ ਮੁਕਾਬਲੇ ਚੋਣ ਭਾਵੇਂ ਲੜਾਂਗਾ, ਇਸ ਦੌਰਾਨ ਕੁਝ ਵੀ ਬੋਲਾਂਗਾ ਨਹੀਂ, ਮੂੰਹ ਉੱਤੇ ਪੱਟੀ ਬੰਨ੍ਹ ਕੇ ਵੋਟਾਂ ਮੰਗਣ ਘਰ-ਘਰ ਜਾਵਾਂਗਾ। ਜਿਸ ਨੌਜਵਾਨ ਨਾਲ ਨਹਿਰੂ ਨੇ ਧੀ ਵਿਆਹੀ, ਉਹ ਮੁਸਲਮਾਨ ਨਹੀਂ, ਪਾਰਸੀ ਧਰਮ ਦਾ ਸੀ, ਪਰ ਚੋਣ ਵਿੱਚ ਇਹ ਦੋਸ਼ ਐਵੇਂ ਲਾ ਦਿੱਤਾ ਗਿਆ। ਨਹਿਰੂ ਅੱਜ ਦੇ ਕਾਂਗਰਸੀ ਆਗੂਆਂ ਵਰਗਾ ਨਹੀਂ, ਆਪਣੇ ਅਸੂਲਾਂ ਤੇ ਆਪਣੇ ਲੋਕਾਂ ਉੱਤੇ ਵਿਸ਼ਵਾਸ ਕਰਨ ਵਾਲਾ ਆਗੂ ਸੀ, ਉਸ ਨੇ ਐਲਾਨ ਕਰ ਦਿੱਤਾ ਕਿ ਜੇ ਉਸ ਉਮੀਦਵਾਰ ਬਣੇ ਸੰਤ ਨੇ ਚੁੱਪ ਰਹਿ ਕੇ ਘਰ-ਘਰ ਪਹੁੰਚ ਕਰਨੀ ਹੈ ਤਾਂ ਮੈਂ ਉਸ ਚੋਣ ਹਲਕੇ ਵਿੱਚ ਜਾਂਦਾ ਹੀ ਨਹੀਂ, ਉਸ ਹਲਕੇ ਦੇ ਲੋਕਾਂ ਨੂੰ ਆਪਣੀ ਜ਼ਮੀਰ ਮੁਤਾਬਕ ਫੈਸਲਾ ਲੈਣ ਦਾ ਮੌਕਾ ਦੇਵਾਂਗਾ। ਨਤੀਜੇ ਦੀ ਘੜੀ ਆਈ ਤਾਂ ਨਹਿਰੂ ਜਿੱਤ ਗਿਆ ਤੇ ਉਸ ਸੰਤ ਦੀ ਲੋਕਾਂ ਨੇ ਜ਼ਮਾਨਤ ਜ਼ਬਤ ਕਰਵਾ ਦਿੱਤੀ ਸੀ। ਹਾਲਾਤ ਦੇ ਫੈਸਲੇ ਨੂੰ ਵੇਖ ਕੇ ਉਸ ਸੰਤ ਨੇ ਨਹਿਰੂ ਨੂੰ ਟੈਲੀਗਰਾਮ ਮੈਸੇਜ ਭੇਜ ਕੇ ਕਿਹਾ ਸੀ: ਤੁਹਾਡੀ ਧਰਮ-ਨਿਰਪੱਖਤਾ ਦੀ ਜਿੱਤ ਹੋਈ ਹੈ, ਇਸ ਦੀ ਵਧਾਈ ਪ੍ਰਵਾਨ ਕਰੋ। ਅੱਜ ਨਾ ਓਦੋਂ ਵਾਲੀ ਕਾਂਗਰਸ ਪਾਰਟੀ ਹੈ, ਨਾ ਓਦੋਂ ਵਾਲਾ ਮਾਹੌਲ ਅਤੇ ਨਾ ਓਦੋਂ ਦੇ ਮਾਹੌਲ ਵਾਲੀ ਚੋਣ-ਜੰਗ ਵਿੱਚ ਹੱਦਾਂ ਵਿੱਚ ਰਹਿਣ ਵਾਲੀ ਰਾਜਨੀਤੀ ਬਚੀ ਹੈ, ਸਾਰਾ ਕੁਝ ਬਦਲ ਗਿਆ ਹੈ ਅਤੇ ਇਸ ਸਾਰੇ ਕੁਝ ਵਿੱਚ ਭਾਰਤੀ ਲੋਕਾਂ ਦੀ ਮਾਨਸਿਕਤਾ ਵੀ ਏਨੀ ਬਦਲੀ ਹੋਈ ਹੈ ਕਿ ਭਵਿੱਖ ਬਾਰੇ ਸੋਚ ਕੇ ਕੰਬਣੀ ਛਿੜ ਜਾਂਦੀ ਹੈ।

ਅਸੀਂ ਮੁੱਛ-ਫੁੱਟਦੀ ਉਮਰ ਤੋਂ ਲੈ ਕੇ ਬੜੀਆਂ ਚੋਣਾਂ ਵੇਖੀਆਂ ਅਤੇ ਕਈ ਵਾਰੀ ਉਨ੍ਹਾਂ ਵਿੱਚ ਸਰਗਰਮ ਵੀ ਰਹਿ ਚੁੱਕੇ ਹਾਂ, ਪਰ ਜਿਹੋ ਜਿਹੀ ਚੋਣ ਤੇ ਜਿੱਦਾਂ ਦੀ ਨੀਵਾਣਾਂ ਛੋਂਹਦੀ ਬਿਆਨਬਾਜ਼ੀ ਇਸ ਵਾਰੀ ਵੇਖ ਰਹੇ ਹਾਂ, ਉਸ ਕਿਸਮ ਦੀ ਪਹਿਲਾਂ ਕਦੇ ਨਹੀਂ ਸੀ ਵੇਖੀ। ਕੱਲ੍ਹ-ਕਲੋਤਰ ਨੂੰ ਕੀ ਹੋਵੇਗਾ, ਅੱਜ ਕੁਝ ਨਹੀਂ ਕਿਹਾ ਜਾ ਸਕਦਾ, ਭਾਰਤ ਅੱਜ ਦੀ ਘੜੀ ਆਪਣੇ ਸੰਵਿਧਾਨ ਮੁਤਾਬਕ ਧਰਮ-ਨਿਰਪੱਖਤਾ ਵਾਲਾ ਦੇਸ਼ ਹੈ, ਪਰ ਧਰਮ-ਨਿਰਪੱਖ ਸਿਰਫ ਲਿਖਤਾਂ ਵਿੱਚ ਹੈ, ਚੋਣਾਂ ਦੀ ਜੰਗ ਵਿੱਚ ਧਰਮ-ਨਿਰਪੱਖਤਾ ਨੂੰ ਹੁੱਝਾਂ ਤੇ ਆਰਾਂ ਨਾਲ ਜਿਸ ਹਾਲਤ ਵਿੱਚ ਪੁਚਾ ਛੱਡਿਆ ਹੈ, ਹਾਲਾਤ ਦਾ ਵਹਿਣ ਵੇਖਣ ਵਾਲੇ ਕਿਸੇ ਵੀ ਚਿੰਤਕ ਤੋਂ ਲੁਕਿਆ ਹੋਇਆ ਨਹੀਂ। ਦੁੱਖ ਦੀ ਵੱਡੀ ਗੱਲ ਓਦੋਂ ਹੁੰਦੀ ਹੈ, ਜਦੋਂ ਰਾਖਾ ਹੀ ਰਾਖੀ ਕਰਨ ਦੀ ਬਜਾਏ ਉਸ ਅਮਾਨਤ ਨੂੰ ਠੇਸ ਲਾਉਣ ਲੱਗ ਜਾਂਦਾ ਹੈ, ਜਿਹੜੀ ਉਸ ਨੂੰ ਕਾਨੂੰਨੀ ਤੌਰ ਉੱਤੇ ਸੌਂਪੀ ਗਈ ਹੈ। ਇਸ ਦੇਸ਼ ਵਿੱਚ ਇਹੋ ਕੁਝ ਹੋ ਰਿਹਾ ਹੈ ਅਤੇ ਸੰਵਿਧਾਨਕ ਹੱਦਾਂ ਦੀ ਰਾਖੀ ਕਰਨ ਵਾਲੇ ਹੀ ਹੱਦਾਂ ਲੰਘਦੇ ਦਿਖਾਈ ਦੇਂਦੇ ਹਨ।

ਆਜ਼ਾਦੀ ਮਿਲਣ ਮੌਕੇ ਇਹ ਦੇਸ਼ ਜਿਨ੍ਹਾਂ ਆਗੂਆਂ ਨੂੰ ਸੌਂਪਿਆ ਗਿਆ ਸੀ, ਉਹ 'ਈਸ਼ਵਰ ਅੱਲਾ ਤੇਰੋ ਨਾਮ, ਸਬ ਕੋ ਸੁਮਤੀ ਦੇ ਭਗਵਾਨ' ਦਾ ਜਾਪ ਕਰਨ ਵਾਲੇ ਸਨ। ਅੱਜ ਭਾਰਤ ਦੇਸ਼ ਜਿਨ੍ਹਾਂ ਦੀ ਕਮਾਨ ਹੇਠ ਹੈ, ਉਹ ਇਸ ਧਾਰਨਾ ਤੋਂ ਉਲਟ ਆਪਣੇ ਚੋਣ-ਜੰਗ ਦੇ ਪੈਂਤੜੇ ਵਿੱਚ ਬਹੁ-ਗਿਣਤੀ ਧਰਮ ਦੇ ਲੋਕਾਂ ਨੂੰ ਉਕਸਾ ਕੇ ਵੋਟਾਂ ਲੈਣ ਦੇ ਰਾਹ ਪਏ ਹੋਏ ਹਨ। ਜਦੋਂ ਇਹ ਗੱਲ ਜ਼ੋਰ ਨਾਲ ਕਹੀ ਜਾਂਦੀ ਹੈ ਕਿ 'ਅੱਠ ਸੌ ਸਾਲ ਪਿੱਛੋਂ ਸਾਡਾ ਰਾਜ ਆਇਆ ਹੈ' ਤੇ ਇਹ ਵੀ ਕਿ 'ਜੇ ਇਸ ਚੋਣ ਦੇ ਨਤੀਜੇ ਵਿੱਚ ਫਲਾਣੀ ਧਿਰ ਕਿਸੇ ਤਰ੍ਹਾਂ ਜਿੱਤ ਗਈ ਤਾਂ ਸਾਡੇ ਧਰਮ ਅਸਥਾਨ ਵੀ ਖਤਰੇ ਵਿੱਚ ਪੈ ਜਾਣਗੇ, ਉਨ੍ਹਾਂ ਉੱਤੇ ਉਹ ਧਿਰ ਬੁਲਡੋਜ਼ਰ ਫੇਰ ਦੇਵੇਗੀ' ਤਾਂ ਚੋਣ-ਜੰਗ ਲਈ ਮਿਥੇ ਅਸੂਲਾਂ ਮੁਤਾਬਕ ਚੋਣ ਕਮਿਸ਼ਨ ਨੂੰ ਹਰਕਤ ਵਿੱਚ ਆਉਣਾ ਚਾਹੀਦਾ ਹੈ। ਚੋਣ ਕਮਿਸ਼ਨ ਹਰਕਤ ਵਿੱਚ ਨਹੀਂ ਆਉਂਦਾ। ਵਧਰੇ ਸੱਚੀ ਗੱਲ ਸਗੋਂ ਇਹ ਹੈ ਕਿ ਦੇਸ਼ ਦੇ ਲਗਭਗ ਸਾਰੇ ਸੰਵਿਧਾਨ ਤੇ ਮਰਿਆਦਾ ਦੀ ਰਾਖੀ ਵਾਲੇ ਅਦਾਰੇ ਅੱਜਕੱਲ੍ਹ ਇੱਕ ਵਿਸ਼ੇਸ਼ ਰਾਜਸੀ ਧਿਰ ਦੀ ਲੋੜ ਮੁਤਾਬਕ ਹਰਕਤ ਕਰਦੇ ਹਨ ਤੇ ਉਸ ਦੀ ਲੋੜ ਮੁਤਾਬਕ ਕਈ ਵਾਰੀ ਚੁੱਪ ਰਹਿ ਕੇ ਉਸ ਨੂੰ ਮਰਜ਼ੀ ਕਰਨ ਦਾ ਮੌਕਾ ਦੇਈ ਜਾਂਦੇ ਹਨ। ਨਾ ਭਾਰਤ ਦੇਸ਼ ਦਾ ਸੰਵਿਧਾਨ ਕਿਸੇ ਤਰ੍ਹਾਂ ਦੀ ਉਲੰਘਣਾ ਹੁੰਦੀ ਨੂੰ ਰੋਕਣ ਜੋਗਾ ਜਾਪਦਾ ਹੈ ਤੇ ਨਾ ਉਲੰਘਣਾ ਹੁੰਦੀ ਜਾਂ ਅਨਰਥ ਹੁੰਦਾ ਵੇਖ ਕੇ ਇਹ ਸੰਵਿਧਾਨ ਪਹਿਰੇਦਾਰੀ ਕਰਨ ਵਾਲੀਆਂ ਸੰਸਥਾਵਾਂ ਦੇ ਮੁਹਤਬਰਾਂ ਵੱਲੋਂ ਧਾਰੀ ਗਈ ਚੁੱਪ ਨੂੰ ਤੋੜ ਸਕਣ ਦੇ ਸਮਰੱਥ ਜਾਪਦਾ ਹੈ। ਹਾਲਾਤ ਦੀ ਪਹਿਰੇਦਾਰੀ ਕਰਨ ਵਾਲੇ ਚੋਣ ਕਮਿਸ਼ਨ ਅਤੇ ਹੋਰ ਅਦਾਰੇ ਵੀ ਜਦੋਂ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਚੁੱਪ ਸਹਿਯੋਗੀ ਬਣ ਜਾਣ ਤਾਂ ਉਲੰਘਣਾ ਨੂੰ ਰੋਕ ਕੌਣ ਸਕਦਾ ਹੈ!

ਭਾਰਤ ਇਲਾਕੇ ਪੱਖੋਂ ਭਾਵੇਂ ਹੋਰਨਾਂ ਨਾਲੋਂ ਵੱਡਾ ਦੇਸ਼ ਨਹੀਂ, ਆਬਾਦੀ ਪੱਖੋਂ ਸਭ ਤੋਂ ਵੱਡਾ ਹੋਣ ਕਾਰਨ ਸੰਸਾਰ ਦੇ ਹਰ ਮੀਡੀਆ ਅਦਾਰੇ ਅਤੇ ਹਰ ਪ੍ਰਮੁੱਖ ਸੰਸਥਾ ਦੀਆਂ ਨਜ਼ਰਾਂ ਇਸ ਵੱਲ ਲੱਗੀਆਂ ਹੋਈਆਂ ਹਨ। ਇਸ ਦੀ ਕਮਾਂਡ ਕਰਨ ਵਾਲੀ ਧਿਰ ਦੇ ਆਗੂਆਂ ਨੇ ਚੋਣ-ਜੰਗ ਦੀ ਵ੍ਹਿਸਲ ਵੱਜਣ ਦੇ ਵਕਤ ਖੁਦ ਇਹ ਐਲਾਨ ਕੀਤਾ ਸੀ ਕਿ ਸੰਸਾਰ ਵਿੱਚੋਂ ਐਨੇ ਦੇਸ਼ ਸਾਡੀ ਚੋਣ ਪ੍ਰਕਿਰਿਆ ਨੂੰ ਵੇਖਣ ਅਤੇ ਘੋਖਣ ਲਈ ਆਪਣੇ ਵਫਦ ਭੇਜਣ ਵਾਸਤੇ ਤਿਆਰ ਹੋ ਗਏ ਹਨ। ਜਦੋਂ ਐਨੇ ਲੋਕ ਇਸ ਪ੍ਰਕਿਰਿਆ ਨੂੰ ਵੇਖਣ ਲਈ ਆ ਰਹੇ ਹਨ ਜਾਂ ਆਏ ਅਤੇ ਵੇਖਦੇ ਪਏ ਹਨ ਤਾਂ ਇਹ ਸੋਚ ਕੇ ਬੰਧੇਜ ਰੱਖਣ ਦੀ ਲੋੜ ਸੀ ਕਿ ਉਹ ਆਪੋ-ਆਪਣੇ ਦੇਸ਼ ਵਿੱਚ ਵਾਪਸ ਜਾ ਕੇ ਕੋਈ ਮਾੜਾ ਪ੍ਰਭਾਵ ਨਾ ਦੇਣ, ਪਰ ਉਲਟਾ ਇਹ ਵਾਪਰ ਰਿਹਾ ਹੈ ਕਿ ਕਿਸੇ ਨਿਯਮ-ਕਾਨੂੰਨ ਨੂੰ ਤੋੜਨ ਜਾਂ ਉਲੰਘਣਾ ਕਰਨ ਵਿੱਚ ਕਿਸੇ ਨੂੰ ਕੋਈ ਝਿਜਕ ਹੀ ਨਹੀਂ ਜਾਪਦੀ। ਦੁਨੀਆ ਦੇ ਦੇਸ਼ਾਂ ਤੋਂ ਅਸੀਂ ਕੋਈ ਸਰਟੀਫਿਕੇਟ ਲੈ ਵੀ ਲਵਾਂਗੇ ਤਾਂ ਉਸ ਨਾਲ ਇਸ ਦੇਸ਼ ਦੇ ਹਾਲਤ ਨਹੀਂ ਸੁਧਰ ਸਕਣੇ ਜਾਂ ਇਸ ਦੇ ਭਵਿੱਖ ਬਾਰੇ ਸ਼ੰਕਿਆਂ ਨੂੰ ਕੋਈ ਬਰੇਕ ਨਹੀਂ ਲੱਗ ਸਕਣੀ, ਪਰ ਘੱਟੋ-ਘੱਟ ਇਸ ਦਾ ਅਕਸ ਸੰਸਾਰ ਦੇ ਲੋਕਾਂ ਮੂਹਰੇ ਹੀ ਬਚਿਆ ਰਹੇਗਾ, ਜਿਨ੍ਹਾਂ ਦੀ ਨਜ਼ਰ ਵਿੱਚ ਭਾਰਤ ਅਜੇ ਤੱਕ 'ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ' ਹੋਵੇਗਾ।

ਪਿਛਲੇ ਸਾਲਾਂ ਵਿੱਚ ਅਸੀਂ ਇਸ ਦੇਸ਼ ਦੇ ਮੀਡੀਏ ਵਿੱਚ ਇਹ ਰਿਪੋਰਟਾਂ ਛਪਦੀਆਂ ਪੜ੍ਹਦੇ ਰਹੇ ਸਾਂ ਕਿ ਰੂਸ ਵਿੱਚ ਚੋਣਾਂ ਨਹੀਂ ਹੁੰਦੀਆਂ, ਚੋਣਾਂ ਦੇ ਨਾਂਅ ਉੱਤੇ ਨਾਟਕ ਜਿਹਾ ਕਰ ਕੇ ਵਾਰ-ਵਾਰ ਵਲਾਦੀਮੀਰ ਪੂਤਿਨ ਨੂੰ ਰਾਸ਼ਟਰਪਤੀ ਵਾਲੇ ਤਖਤ ਉੱਤੇ ਬਿਠਾਉਣ ਦੀ ਰਸਮ ਪੂਰਤੀ ਹੁੰਦੀ ਹੈ। ਇਸ ਵਾਰੀ ਲੋਕ ਸਭਾ ਚੋਣ ਵਿੱਚ ਅਸੀਂ ਉਨ੍ਹਾਂ ਹੀ ਮੀਡੀਆ ਚੈਨਲਾਂ ਵੱਲੋਂ ਪੇਸ਼ ਕੀਤੀਆਂ ਜਾਂਦੀਆਂ ਇਹ ਧਾਰਨਾਵਾਂ ਸੁਣੀਆਂ ਅਤੇ ਪੜ੍ਹੀਆਂ ਹਨ ਕਿ ਜਿੱਦਾਂ ਰੂਸ ਦਾ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਅਗਲੇ ਐਨੇ ਸਾਲ ਇਸ ਗੱਦੀ ਉੱਤੇ ਰਹੇਗਾ, ਓਦਾਂ ਹੀ ਭਾਰਤ ਦਾ ਵਿਸ਼ਵ ਪ੍ਰਸਿੱਧ ਆਗੂ ਵੀ ਇਸ ਦੇਸ਼ ਦੀ ਵਾਗ ਕਈ ਸਾਲਾਂ ਤੱਕ ਸੰਭਾਲੀ ਰੱਖੇਗਾ। ਜਦੋਂ ਰੂਸ ਦੀ ਗੱਲ ਚੱਲੀ ਤਾਂ ਜਿਹੜੇ ਮੀਡੀਆ ਅਦਾਰੇ ਕਹਿੰਦੇ ਸਨ ਕਿ ਪੂਤਿਨ ਕਿਸੇ ਰਾਜੇ ਵਰਗੀ ਸੋਚ ਹੇਠ ਤਖਤ ਨਹੀਂ ਛੱਡਣਾ ਚਾਹੁੰਦਾ, ਉਹੀ ਅੱਜ ਇਹ ਕਹਿ ਰਹੇ ਹਨ ਕਿ ਭਾਰਤ ਦੇ ਲੀਡਰ ਲਈ ਸੱਤਾ ਮਾਣਨ ਦਾ ਕੋਈ ਸਵਾਲ ਨਹੀਂ, ਦੇਸ਼ ਦੀ ਅਗਵਾਈ ਲਈ ਉਸ ਦੇ ਹੱਥ ਕਮਾਨ ਹੋਣਾ ਇਸ ਦੇ ਭਵਿੱਖ ਦੀ ਗਾਰੰਟੀ ਮੰਨ ਲੈਣਾ ਚਾਹੀਦਾ ਹੈ। ਉਹ ਇਹ ਸੁਣਨ ਨੂੰ ਤਿਆਰ ਨਹੀਂ ਕਿ ਇਹ ਸੋਚ ਲੋਕਤੰਤਰੀ ਅਸੂਲਾਂ ਵਾਲੀ ਨਹੀਂ ਅਤੇ ਜਦੋਂ ਕੋਈ ਸੁਣਾਉਣਾ ਚਾਹੇ ਤਾਂ ਹੋਰ ਪਾਸੇ ਧਿਆਨ ਪਾਉਣ ਲਈ ਅਗੇਤੇ ਜੁਗਾੜ ਕਰੀ ਰੱਖਦੇ ਹਨ, ਤਾਂ ਕਿ ਨਗਾਰਖਾਨੇ ਵਿੱਚ ਤੂਤੀ ਦੀ ਗੱਲ ਕੋਈ ਵੀ ਸੁਣ ਨਾ ਸਕੇ। ਇਹ ਸਭ ਕੁਝ ਉਹ ਮੀਡੀਆ ਕਰਦਾ ਹੈ, ਜਿਸ ਨੂੰ ਲੋਕਤੰਤਰ ਵਿੱਚ ਪਹਿਰੇਦਾਰ ਦਾ ਦਰਜਾ ਦਿੱਤਾ ਜਾਂਦਾ ਹੈ ਤੇ ਇਸ ਲਈ ਕਰਦਾ ਹੈ ਕਿ ਏਦਾਂ ਕਰਨਾ ਵੀ ਕਮਾਈ ਦਾ ਸਾਧਨ ਬਣ ਜਾਂਦਾ ਹੈ।

ਬਹੁਤ ਸਾਲ ਪਹਿਲਾਂ ਮਧੂਮਿਤਾ ਸ਼ੁਕਲਾ ਨਾਂਅ ਦੀ ਇੱਕ ਕਵਿੱਤਰੀ ਨੂੰ ਉੱਤਰ ਪ੍ਰਦੇਸ਼ ਦੇ ਇੱਕ ਮੰਤਰੀ ਵੱਲੋਂ ਭੇਜੇ ਬੰਦਿਆਂ ਨੇ ਕਤਲ ਕਰ ਦਿੱਤਾ ਸੀ। ਉਸ ਦੀ ਮੌਤ ਮਗਰੋਂ ਉਸ ਦੀ ਇੱਕ ਕਵਿਤਾ ਦੀ ਬਹੁਤ ਚਰਚਾ ਹੁੰਦੀ ਰਹੀ ਸੀ, ਜਿਸ ਦੀ ਇੱਕ ਸਤਰ ਕਹਿੰਦੀ ਸੀ: 'ਕਲਮ ਕੇ ਸਿਪਾਹੀ ਅਗਰ ਸੋ ਗਏ ਤੋ, ਸਿਆਸਤ ਕੇ ਸਿਪਾਹੀ ਵਤਨ ਬੇਚ ਦੇਂਗੇ।' ਬਾਅਦ ਵਿੱਚ ਕਿਸੇ ਲੇਖਕ ਨੇ ਲਿਖਿਆ ਸੀ ਕਿ ਸਿਆਸਤ ਦੇ ਜਿਹੜੇ ਸਿਪਾਹੀ ਹਰ ਹੱਦ ਟੱਪਣ ਲਈ ਤਿਆਰ ਰਹਿੰਦੇ ਹਨ, ਉਨ੍ਹਾਂ ਲਈ ਏਦਾਂ ਦੀਆਂ ਸਤਰਾਂ ਲਿਖਣ ਵਾਲੀ ਕਲਮ ਵੀ ਰਾਹ ਦਾ ਅੜਿੱਕਾ ਨਹੀਂ ਬਣ ਸਕਦੀ ਤੇ ਉਸ ਨਾਲ ਉਹੀ ਕੁਝ ਵਾਪਰ ਸਕਦਾ ਹੈ, ਜਿਹੜਾ ਮਧੂਮਿਤਾ ਸ਼ੁਕਲਾ ਨਾਲ ਵਾਪਰਿਆ ਹੈ। ਉਸ ਨੂੰ ਜ਼ਿੰਦਗੀ ਦੇ ਦੋ ਦਰਜਨ ਬਸੰਤ ਮਸਾਂ ਹੰਢਾਉਣ ਦਾ ਮੌਕਾ ਮਿਲਿਆ ਸੀ, ਪਰ ਉਸ ਦੇ ਕਹੇ ਸ਼ਬਦ ਅੱਜ ਵੀ ਅਰਥ ਰੱਖਦੇ ਹਨ ਅਤੇ ਉਸ ਵੇਲੇ ਹੋਰ ਵੱਧ ਅਰਥ ਭਰਪੂਰ ਮੰਨੇ ਜਾ ਸਕਦੇ ਹਨ, ਜਦੋਂ ਲੋਕ ਸਭਾ ਲਈ ਚਲੰਤ ਚੋਣ-ਜੰਗ ਅਸਲ ਵਿੱਚ ਇਸ ਮੁਹਾਵਰੇ ਮੁਤਾਬਕ ਚੱਲਦੀ ਲੱਗਦੀ ਹੈ ਕਿ 'ਪਿਆਰ ਅਤੇ ਜੰਗ ਵਿੱਚ ਸਭ ਕੁਝ ਜਾਇਜ਼ ਹੁੰਦਾ ਹੈ'। ਕਹਿਣ ਤੋਂ ਭਾਵ ਇਹ ਕਿ ਚੋਣ-ਜੰਗ ਆਪਣੇ ਮੂਲ ਰੂਪ ਵਿੱਚ ਲੋਕਾਂ ਦੇ ਫਤਵੇ ਦੀ ਮੁਥਾਜ ਨਾ ਰਹਿ ਕੇ ਸੱਚਮੁੱਚ ਦੀ ਜੰਗ ਵਾਂਗ ਬਣਦੀ ਜਾਂਦੀ ਹੈ, ਜਿਸ ਦਾ ਸਮੁੱਚ ਸਿਰਫ ਇੱਕ ਸੋਚਣੀ 'ਤਖਤ ਜਾਂ ਤਖਤਾ' ਨਾਲ ਜਾ ਜੁੜਦਾ ਹੈ। ਪੁਰਾਣੇ ਸਮੇਂ ਵਿੱਚ ਪਤਾ ਨਹੀਂ ਕੀ ਕੁਝ ਵਾਪਰਿਆ ਤੇ ਕਿਨ੍ਹਾਂ ਲੋਕਾਂ ਨੂੰ ਕੀ ਕੁਝ ਭੁਗਤਣਾ ਪਿਆ ਹੋਵੇਗਾ, ਅਫਸੋਸ ਹੈ ਕਿ ਇਹ ਸਭ ਸਾਡੇ ਸਮੇਂ ਵਿੱਚ ਵੀ ਹੋਈ ਜਾਂਦਾ ਹੈ।



ਜਤਿੰਦਰ ਪਨੂੰ


aap
AAM AADMI PARTY
VOTE & SUPPORT
ਆਪ
ਆਮ ਆਦਮੀ ਪਾਰਟੀ
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GURDEEP GILL


VOTE & SUPPORT
aap AAM AADMI PARTY
ਆਪ ਆਮ ਆਦਮੀ ਪਾਰਟੀ
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GULINDER GILL


SAI JEWELERS
Making Every
Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜ੍ਹੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday | 11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350

# ਐਪਕਾ ਵੱਲੋਂ 10ਵੇਂ ਸਲਾਨਾ ਬਾਇਰ'ਜ਼ ਟਰੇਡ ਸ਼ੋਅ ਦਾ ਸਫ਼ਲ ਆਯੋਜਨ
# ਪੰਜਾਬੀ ਗਾਇਕਾ ਮਿਸ ਪੂਜਾ ਦੇ ਗੀਤਾਂ ਦਾ ਦਰਸ਼ਕਾਂ ਨੇ ਖ਼ੂਬ ਆਨੰਦ ਮਾਣਿਆ


















ਫਰਿਜ਼ਨੋ ਸਾਂਝੀ ਸੋਚ ਬਿਊਰੋ

ਅਮਰੀਕਨ ਪੈਟਰੋਲੀਅਮ ਐਂਡ ਕਨਵੀਨੀਐਂਸ ਸਟੋਰ ਐਸੋਸੀਏਸ਼ਨ ਵੱਲੋਂ ਬੀਤੇ ਦਿਨੀਂ ਫਰਿਜ਼ਨੋ ਵਿਖੇ ਆਪਣੇ ਦਸਵੇਂ ਸਲਾਨਾ ਬਾਇਰ'ਜ਼ ਟਰੇਡ ਸ਼ੋਅ ਦਾ ਸਫ਼ਲ ਆਯੋਜਨ ਕੀਤਾ ਗਿਆ। 8 ਮਈ ਨੂੰ ਦੁਪਹਿਰ 12.30 ਤੋਂ ਸ਼ਾਮ 5.30 ਵਜੇ ਤੱਕ ਕਰਵਾਏ ਗਏ ਇਸ ਟਰੇਡ ਸ਼ੋਅ ਵਿਚ ਵੱਖ-ਵੱਖ ਤਰ੍ਹਾਂ ਦੇ ਸਟਾਲ ਲਗਾਏ ਗਏ ਸਨ। ਐਪਕਾ ਦੇ ਮੈਂਬਰਾਂ ਵੱਲੋਂ ਇਸ ਟਰੇਡ ਸ਼ੋਅ ਦਾ ਖੂਬ ਆਨੰਦ ਮਾਣਿਆ ਗਿਆ। ਇਸ ਟਰੇਡ ਸ਼ੋਅ ਤੋਂ ਬਾਅਦ ਐਸੋਸੀਏਸ਼ਨ ਦੇ ਮੈਂਬਰਾਂ ਲਈ ਸ਼ਾਮ 6.30 ਵਜੇ ਤੋਂ 9 ਵਜੇ ਤੱਕ ਵਿਸ਼ਵ ਪ੍ਰਸਿੱਧ ਪੰਜਾਬੀ ਗਾਇਕਾ ਮਿਸ ਪੂਜਾ ਦੇ ਗੀਤਾਂ ਦਾ ਲਾਈਵ ਸ਼ੋਅ ਵੀ ਕਰਵਾਇਆ ਗਿਆ। ਦਰਸ਼ਕਾਂ ਨੇ ਮਿਸ ਪੂਜਾ ਦੇ ਗੀਤਾਂ 'ਤੇ ਖ਼ੂਬ ਭੰਗੜਾ ਪਾਇਆ। ਇਸ ਲਾਈਵ ਪ੍ਰਫਾਰਮੈਂਸ ਦਾ ਸਟੇਜ ਸੰਚਾਲਨ ਪ੍ਰਸਿੱਧ ਐਂਕਰ ਆਸ਼ਾ ਸ਼ਰਮਾ ਵੱਲੋਂ ਕੀਤਾ ਗਿਆ। ਮਿਸ ਪੂਜਾ ਤੋਂ ਇਲਾਵਾ ਸਤਿੰਦਰ ਸੱਤੀ ਨੇ ਵੀ ਆਪਣੇ ਗੀਤਾਂ ਰਾਹੀਂ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕੀਤਾ। ਕੁਲ੍ਹ ਮਿਲਾ ਕੇ ਇਹ ਟਰੇਡ ਸ਼ੋਅ ਅਤੇ ਮਿਸ ਪੂਜਾ ਦੀ ਲਾਈਵ ਪ੍ਰਫਾਰਮੈਂਸ ਯਾਦਗਾਰੀ ਹੋ ਨਿਬੜੀ। ਐਪਕਾ ਵੱਲੋਂ ਕਰਵਾਇਆ ਜਾਣ ਵਾਲਾ ਇਹ ਸਲਾਨਾ ਟਰੇਡ ਸ਼ੋਅ ਹਮੇਸ਼ਾ ਦੀ ਤਰ੍ਹਾਂ ਯਾਦਗਾਰੀ ਹੋ ਨਿਬੜਿਆ।

# ਐਪਕਾ ਵੱਲੋਂ 10ਵੇਂ ਸਲਾਨਾ ਬਾਇਰ'ਜ਼ ਟਰੇਡ ਸ਼ੋਅ ਦਾ ਸਫ਼ਲ ਆਯੋਜਨ
# ਪੰਜਾਬੀ ਗਾਇਕਾ ਮਿਸ ਪੂਜਾ ਦੇ ਗੀਤਾਂ ਦਾ ਦਰਸ਼ਕਾਂ ਨੇ ਖੂਬ ਆਨੰਦ ਮਾਣਿਆ























# ਐਪਕਾ ਵੱਲੋਂ 10ਵੇਂ ਸਲਾਨਾ ਬਾਇਰ 'ਜ਼ ਟਰੇਡ ਸ਼ੋਅ ਦਾ ਸਫ਼ਲ ਆਯੋਜਨ
# ਪੰਜਾਬੀ ਗਾਇਕਾ ਮਿਸ ਪੂਜਾ ਦੇ ਗੀਤਾਂ ਦਾ ਦਰਸ਼ਕਾਂ ਨੇ ਖ਼ੂਬ ਆਨੰਦ ਮਾਣਿਆ




















































ਸੰਤ ਜਰਨੈਲ ਸਿੰਘ ਭਿੰਡਰਾਂਵਾਲੇ
ਜਨਰਲ ਸੁਬੇਗ ਸਿੰਘ
ਭਾਈ ਅਮਰੀਕ ਸਿੰਘ
ਸ਼ਹੀਦ ਭਾਈ ਦੀਪ ਸਿੱਧੂ
VOTE & SUPPORT
ਹਲਕਾ ਸੰਗਰੂਰ
ਹਲਕਾ ਖਡੂਰ ਸਾਹਿਬ
ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ
ਸਿਮਰਨਜੀਤ ਸਿੰਘ ਮਾਨ
ਭਾਈ ਅੰਮ੍ਰਿਤਪਾਲ ਸਿੰਘ
ਜਾਰੀ ਕਰਤਾ
SUMPREET SINGH
JK TYRE
2955 N WILSON WAY STOCKTON, CA 95205
+1 (510) 766-9382

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਕ-ਇਕ ਗੁਰੂ ਘਰ ਹਰ ਦੇਸ਼ ਵਿੱਚ ਹੋਣਾ ਲਾਜ਼ਮੀ -ਜਥੇਦਾਰ ਹਰਪ੍ਰੀਤ ਸਿੰਘ







ਵਾਸ਼ਿੰਗਟਨ
ਸੁਰਿੰਦਰ ਗਿੱਲ

ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅੱਜ ਕੱਲ ਅਮਰੀਕਾ ਦੇ ਦੌਰੇ ਤੇ ਹਨ। ਜਿੰਨਾ ਨੇ ਨਾਰਥ ਅਮਰੀਕਾ ਵੱਲ ਆ ਕੇ ਸਿੱਖ ਸ਼ਖਸੀਅਤਾ ਨਾਲ ਵਿਚਾਰ ਵਟਾਂਦਰਾ ਕੀਤਾ ਹੈ। ਜਿਸ ਦਾ ਅਯੋਜਿਨ ਭਾਈ ਸ਼ਵਿੰਦਰ ਸਿੰਘ ਜੀ ਨੇ ਕੀਤਾ ਹੈ।

ਜਿੱਥੇ ਮੌਜੂਦਾ ਸਿੱਖੀ ਫ਼ਲਸਫ਼ੇ ਤੇ ਹਲਾਤਾ ਤੇ ਵਿਚਾਰਾਂ ਦੀ ਸਾਂਝ ਪਾਈ ਗਈ ਹੈ। ਉੱਥੇ ਪੰਥ ਤੇ ਪ੍ਰਵਾਸੀਆ ਨੂੰ ਆ ਰਹੀਆਂ ਦਰਪੇਸ਼ ਮੁਸ਼ਕਲਾਂ ਸਬੰਧੀ ਖੁੱਲ ਕੇ ਵਿਚਾਰਾਂ ਕੀਤੀਆਂ ਗਈਆਂ ਹਨ। ਸਿੰਘ ਸਾਹਿਬ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤਖ਼ਤ ਸ਼੍ਰੀ ਦਮਦਮਾ ਸਾਹਿਬ ਨੇ ਕਿਹਾ ਕਿ ਸਾਨੂੰ ਆਪਣਾ ਆਪ ਸੰਵਾਰਨਾ ਪਵੇਗਾ।

ਸਾਨੂੰ ਅਜਿਹੀ ਦਿੱਖ ਪੇਸ਼ ਕਰਨੀ ਪਵੇਗੀ। ਜਿਸ ਨੂੰ ਵੇਖ ਕੇ ਸੁਣ ਕੇ ਤੇ ਵਿਚਾਰਾਂ ਨੂੰ ਗ੍ਰਹਿਣ ਕਰਕੇ, ਸਾਹਮਣੇ ਵਾਕਾਂ ਸੰਤੁਸ਼ਟ ਤੇ ਸੇਧ ਪ੍ਰਾਪਤ ਕਰ ਸਕੇ।

ਸਾਨੂੰ ਦੂਸਰਿਆਂ ਦਾ ਫ਼ਿਕਰ ਕਰਨਾ ਬੰਦ ਕਰਨਾ ਪਵੇਗਾ। ਬੁੱਧੀ ਜੀਵੀਆਂ ਦੇ ਸਵਾਲ ਦਾ ਜਵਾਬ ਦਿੰਦੇ ਸਿੰਘ ਸਾਹਿਬ ਨੇ ਕਿਹਾ ਕਿ ਸਾਨੂੰ ਇਕ ਇਕ ਗੁਰੂ ਘਰ ਹਰ ਮੁਲਕ ਵਿਚ ਸਥਾਪਿਤ ਕਰਨਾ ਚਾਹੀਦਾ ਹੈ। ਜਿੱਥੇ ਸਿੱਖ ਰਹਿਤ ਮਰਿਆਦਾ ਅਨੁਸਾਰ ਤੇ ਸ਼੍ਰੀ ਅਕਾਲ ਤਖ਼ਤ ਦੇ ਆਦੇਸ਼ ਮੁਤਾਬਕ ਉਸ ਨੂੰ ਚਲਾਉਣ ਦਾ ਪ੍ਰਬੰਧ ਯਕੀਨੀ ਬਣਾਉਣਾ ਪਵੇਗਾ।

ਜਿੱਥੋਂ ਦੂਸਰੇ ਗੁਰੂ ਘਰ ਸੇਧ ਲੈ ਸਕਣ ਤੇ ਕੋਈ ਮੁਸ਼ਕਲ ਆਵੇ ਤਾਂ ਉਸ ਦੇ ਹੱਲ ਲਈ ਸੇਵਾਵਾਂ ਲੈ ਸਕਣ। ਅਜਿਹਾ ਨਾ ਕੀਤਾ ਗਿਆ ਤਾਂ ਹਰ ਗੁਰੂ ਘਰ ਅਪਨੀ ਮਰਜ਼ੀ ਤੇ ਅਪਨੇ ਅਸੂਲਾਂ ਮੁਤਾਬਕ ਗੁਰੂ ਘਰ ਚਲਾਉਣ ਨੂੰ ਤਰਜੀਹ ਦੇਣਗੇ। ਜਿਸ ਨਾਲ ਸਾਡੇ ਧਾਰਮਿਕ ਅਦਾਰੇ ਵਿਵਾਦ ਗ੍ਰਸਿਤ ਰਹਿਣਗੇ, ਜੇਕਰ ਅਜਿਹਾ ਫੈਸਲਾ ਨਾ ਕੀਤਾ ਗਿਆ।

ਸਿੰਘ ਸਾਹਿਬ ਨੇ ਪ੍ਰਵਾਸੀ ਭਾਈਚਾਰੇ ਦੀ ਸ਼ਲਾਘਾ ਕਰਦੇ ਕਿਹਾ ਕਿ ਇਹ ਬਹੁਤ ਕੁਝ ਕਰ ਸਕਦੇ ਹਨ। ਇਹਨਾਂ ਦੀਆਂ ਸੇਵਾਵਾਂ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੀ ਨੁਹਾਰ ਬਦਲ ਸਕਦੀਆਂ ਹਨ।

ਲੋੜ ਹੈ ਇਹਨਾਂ ਦਾ ਸਤਿਕਾਰ ਕਰਨ ਤੇ ਸਹੀ ਸੇਧ ਦੇਣ ਲਈ, ਧਾਰਮਿਕ ਪ੍ਰਚਾਰ ਨੂੰ ਮਜ਼ਬੂਤੀ ਨਾਲ ਕਰਨਾ ਪਵੇਗਾ। ਪਾਠ ਬੋਧ ਸਮਾਗਮ ਕਰਵਾਕੇ ਬਾਣੀ ਵਿਚ ਪ੍ਰਪੱਕ ਕਰਨ ਵੱਲ ਧਿਆਨ ਦੇਣਾ ਪਵੇਗਾ। ਬੁੱਧੀਜੀਵੀਆਂ ਤੇ ਧਾਰਮਿਕ ਸ਼ਖਸੀਅਤਾ ਦੇ ਸਹਿਯੋਗ ਨਾਲ ਵਿਦੇਸ਼ੀ ਗੁਰੂ ਘਰਾਂ ਨੂੰ ਇੱਕ ਲੜੀ ਵਿੱਚ ਪ੍ਰੋਣ ਲਈ ਪਹਿਲ ਕਦਮੀ ਕਰਨੀ ਪਵੇਗੀ। ਉਹਨਾਂ ਅੱਗੇ ਕਿਹਾ ਕਿ ਹਰ ਸਿੱਖ ਜੇਕਰ ਰੋਜ਼ ਇੱਕ ਡਾਲਰ ਸਿੱਖਿਆ ਦੀ ਬਿਹਤਰੀ ਲਈ ਕੱਢੇ ਤਾਂ ਅਸੀ ਪੰਜਾਬ ਦੇ ਹਰ ਨੌਜਵਾਨ ਨੂੰ ਮੁਕਾਬਲੇ ਤੇ ਬਿਹਤਰ ਉੱਚ ਕੋਟੀ ਦੀ ਸਿੱਖਿਆ ਮੁਫਤ ਦੇ ਸਕਦੇ ਹਾਂ।

ਲੋੜ ਹੈ ਸਮੁੱਚੇ ਸਿੱਖ ਡਾਇਸਪੋਰਾ ਨੂੰ ਇੱਕ ਜੁੱਟ ਹੋ ਕੇ ਹੰਭਲਾ ਮਾਰਨ ਦੀ ਤਾਂ ਜੋ ਪੰਜਾਬ ਮਜ਼ਬੂਤੀ ਨਾਲ ਸਰਵੋਤਮ ਸਟੇਟ ਵਜੋਂ ਉੱਭਰ ਕੇ ਸਾਹਮਣੇ ਆਵੇ। ਅੱਜ ਦੇ ਨੌਜਵਾਨ ਨੂੰ ਸੰਭਲਣ ਤੇ ਸੰਭਾਲਣ ਦੀ ਲੋੜ ਹੈ। ਜਿਸ ਲਈ ਸਾਡੇ ਸਿੱਖ ਹੀ ਯੋਗਦਾਨ ਪਾ ਸਕਦੇ ਹਨ।

ਇਸ ਮੌਕੇ ਗੁਰਦੁਆਰਾ ਸਿੰਘ ਸਭਾ ਵਰਜੀਨੀਆ ਤੇ ਗੁਰਦੁਆਰਾ ਸਿਖ ਐਸੋਸੇਸ਼ਨ ਬਾਲਟੀਮੋਰ ਗੁਰੂ ਘਰਾਂ ਦੇ ਨੁਮਾਇਦਿਆ ਨੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਦਾ ਸਨਮਾਨ ਕੀਤਾ।

ਇਸ ਮੌਕੇ ਭਾਈ ਸ਼ਵਿਦਰ ਸਿੰਘ, ਭਾਈ ਹਰਬੰਸ ਸਿੰਘ, ਭਾਈ ਲਖਵਿੰਦਰ ਸਿਘ, ਭਾਈ ਅਜੈਪਾਲ ਸਿੰਘ, ਭਾਈ ਦਵਿੰਦਰ ਸਿੰਘ ਦਿਓ, ਭਾਈ ਤੇਜਪਾਲ ਸਿੰਘ ਤੋ ਇਲਾਵਾ ਹੋਰ ਉੱਘੀਆਂ ਸ਼ਖਸੀਅਤਾ ਨੇ ਸਿੰਘ ਸਾਹਿਬ ਨਾਲ ਵਿਚਾਰਾਂ ਦੀ ਸਾਂਝ ਪਾਈ। ਜੋ ਬਹੁਤ ਹੀ ਪ੍ਰਭਾਵੀ ਤੇ ਭਵਿੱਖ ਲਈ ਲਾਹੇਵੰਦ ਸਾਬਤ ਹੋਵੇਗੀ।

## ਅਮਰੀਕਾ ਵਿਚ ਸੜਕ ਹਾਦਸੇ ਵਿੱਚ ਮਾਰੇ ਗਏ 8 ਵਿਅਕਤੀਆਂ ਦੀ ਮੌਤ ਦੇ ਮਾਮਲੇ ਵਿਚ ਜੱਜ ਨੇ ਡਰਾਈਵਰ ਨੂੰ ਜ਼ਮਾਨਤ ਉਪਰ ਰਿਹਾਅ ਕਰਨ ਤੋਂ ਕੀਤੀ ਨਾਂਹ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਅਮਰੀਕਾ ਦੇ ਫਲੋਰਿਡਾ ਰਾਜ ਵਿਚ ਬੀਤੇ ਦਿਨ ਨਸ਼ੇ ਦੀ ਹਾਲਤ ਵਿਚ ਹੋਏ ਹਾਦਸੇ ਜਿਸ ਵਿਚ 8 ਵਿਅਕਤੀ ਮਾਰੇ ਗਏ ਸਨ, ਦੇ ਮਾਮਲੇ ਵਿਚ ਜੱਜ ਨੇ ਟਰੱਕ ਦੇ ਡਰਾਈਵਰ ਨੂੰ ਬਾਂਡ (ਜ਼ਮਾਨਤ) ਉਪਰ ਰਿਹਾਅ ਕਰਨ ਤੋਂ ਨਾਂਹ ਕਰ ਦਿੱਤੀ ਹੈ। ਪਿਕ ਅੱਪ ਟਰੱਕ ਦੇ ਡਰਾਈਵਰ ਬਰੀਅਨ ਮੈਕਲੀ ਹਾਵਰਡ (41) ਵਿਰੁੱਧ 8 ਹੱਤਿਆਵਾਂ ਦੇ ਦੋਸ਼ ਲਾਏ ਗਏ ਹਨ ਜਦ ਕਿ ਡਰਾਈਵਰ ਨੇ ਨਸ਼ੇ ਦੀ ਹਾਲਤ ਵਿਚ ਟਰੱਕ ਚਲਾਉਣ ਤੋਂ ਇਨਕਾਰ ਕੀਤਾ ਹੈ ਤੇ ਉਸ ਨੇ ਕਿਹਾ ਹੈ ਕਿ ਇਹ ਮਹਿਜ ਇਕ ਹਾਦਸਾ ਹੈ। ਅਧਿਕਾਰੀਆਂ ਅਨੁਸਾਰ ਬਰੀਅਨ ਹਾਵਰਡ ਆਪਣੇ 2001 ਫੋਰਡ ਰੇਂਜਰ ਛੋਟੇ ਟਰੱਕ 'ਤੇ ਉਕਾਲਾ ਦੇ ਪੱਛਮ ਵਿਚ ਰਾਸ਼ਟਰੀ ਮਾਗਰ 40 ਨਾਲ ਵਿਚਕਾਰਲੀ ਲਾਈਨ 'ਤੇ ਜਾ ਰਿਹਾ ਸੀ ਜਦੋਂ ਉਸ ਨੇ ਆਪਣੀ ਗੱਡੀ ਬੱਸ



ਵਿਚ ਠੋਕ ਦਿੱਤੀ ਜਿਸ ਵਿਚ 50 ਖੇਤੀ ਕਾਮੇ ਸਵਾਰ ਸਨ। ਫਲੋਰਿਡਾ ਰਾਸ਼ਟਰੀ ਮਾਰਗ ਗਸ਼ਤੀ ਦਲ ਅਨੁਸਾਰ ਬੱਸ ਉਲਟ ਗਈ ਜਿਸ ਦੇ ਸਿੱਟੇ ਵਜੋਂ 8 ਖੇਤੀ ਕਾਮੇ ਮਾਰੇ ਗਏ ਤੇ 40 ਹੋਰ ਜ਼ਖਮੀ ਹੋ ਗਏ।

ਜੱਜ ਨੇ 3 ਦਿਨ ਪਹਿਲਾਂ ਹੋਏ ਇਕ ਕਾਰ ਹਾਦਸੇ ਜਿਸ ਵਿਚ ਹਾਵਰਡ ਸ਼ਾਮਿਲ ਸੀ, ਦਾ ਹਵਾਲਾ ਦਿੰਦਿਆਂ ਕਿਹਾ ਕਿ ਜਦੋਂ ਤੱਕ ਮਾਮਲੇ ਦੀ ਸੁਣਵਾਈ ਨਹੀਂ ਹੋ ਜਾਂਦੀ ਉਹ ਮੋਟਰ ਵਾਹਣ ਨਹੀਂ ਚਲਾ ਸਕੇਗਾ। ਨਾ ਹੀ ਉਹ ਅਲਕੋਹਲ ਰਖ ਸਕੇਗਾ ਤੇ ਨਾ ਪੀ ਸਕੇਗਾ। ਇਸ ਤੋਂ ਪਹਿਲਾਂ ਵਕੀਲ ਨੇ ਜੱਜ ਨੂੰ ਬੇਨਤੀ ਕੀਤੀ ਸੀ ਕਿ ਹਾਵਰਡ ਦਾ ਅਪਰਾਧਕ ਪਿਛੋਕੜ ਵੇਖਦੇ ਹੋਏ ਉਸ ਨੂੰ ਬਾਂਡ ਉਪਰ ਰਿਹਾਅ ਨਾ ਕੀਤਾ ਜਾਵੇ।

ਜੱਜ ਵੱਲੋਂ ਮਾਮਲੇ ਦੀ ਅਗਲੀ ਸੁਣਵਾਈ 18 ਜੂਨ ਨੂੰ ਕੀਤੀ ਜਾਵੇਗੀ। ਮਾਰੇ ਗਏ ਸਾਰੇ ਕਾਮੇ ਮੈਕਸੀਕੋ ਦੇ ਨਾਗਰਕ ਸਨ। ਫਲੋਰਿਡਾ ਫਰੂਟ ਐਂਡ ਵੈਜੀਟੇਬਲ ਐਸੋਸੀਏਸ਼ਨ ਨੇ ਕਿਹਾ ਹੈ ਕਿ ਐਚ 2 ਏ ਫਾਰਮ ਵਰਕਰ ਵੀਜ਼ੇ ਉਪਰ ਫਲੋਰਿਡਾ ਦੇ ਕਿਸਾਨ ਹਰ ਸਾਲ 50000 ਵਿਦੇਸ਼ੀ ਖੇਤੀ ਕਾਮਿਆਂ ਨੂੰ ਬੁਲਾਉਂਦੇ ਹਨ। ਮੈਕਸੀਕਨ ਪ੍ਰਧਾਨ ਆਂਦਰੇਸ ਮੈਨੁਏਲ ਲੋਪੇਜ ਆਬਰੇਡਰ ਨੇ ਕਿਹਾ ਹੈ ਕਿ ਬੱਸ ਵਿਚ 44 ਮੈਕਸੀਕਨ ਸ਼ਹਿਰੀ ਸਨ ਜਿਨਾਂ ਨੂੰ ਇਕ ਮੈਕਸੀਕਨ-ਅਮਰੀਕੀ ਕਿਸਾਨ ਨੇ ਹਦਵਾਣਿਆਂ ਦੇ ਫਾਰਮ ਵਿਚ ਕੰਮ ਕਰਨ ਲਈ ਆਰਜੀ ਜਾਂ ਮੌਸਮੀ ਵੀਜ਼ੇ ਉਪਰ ਸੱਦਿਆ ਸੀ।

Space available for Ad
Contact # +1 (209) 303-1260




E-MAIL:SALES@ezeldsolutions.com
EZ ELD SOLUTIONS
LOGBOOKS MADE EASY
TRACK YOUR TRUCK WITH
EZ TRUCK SOLUTION
ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ
FMCSA Complaint & Affordable
The Power of telematics in the palm of your hand
Compliance | Asset Tracking | Management
$100 HARDWARE
ONE-TIME FEE
PT30
$20 MONTHLY
SUBSCRIPTION
CRITICAL ENGINE DATA
Tracking
Tire Pressure
Diagnostics
24/7 TECHNICAL SUPPORT IN
ENGLISH,SPANISH AND PUNJABI.
CALL NOW +1 (800) 556-7105
Official Address : 2301 W Belmont ave, Fresno, CA 93727

# ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



**Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ**

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
**ਫੋਨ : (559) 653-8130, 774-243-4154**

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

# ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ





**e-Baba Entertainment App ਨੂੰ Download ਕਰੋ।**

ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।

ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।




VOTE & SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
SHER SINGH CHUHAN


web -www.globaltruckpermits.com
email -info@globaltruckpermits.com
ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਕੈਲੇਫੋਰਨੀਆ ਅੰਦਰ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
“ਸਾਡਾ ਇਸ ਕੰਮ ਵਿਚ 18 ਸਾਲ ਦਾ ਤਜਰਬਾ ਹੈ”
ਰਾਜਿੰਦਰ ਟਾਂਡਾ
Cell : (510) 557-6988 | Ph : 209-636-0880
Address: 159 Darcy Pkwy Lathrop CA 95330

# ਕਾਨੂੰਨ ਵਿਵਸਥਾ 'ਚ ਰਾਜ ਸਰਕਾਰ ਨੇ ਸੁਧਾਰ ਨਾ ਕੀਤਾ ਤਾਂ ਨਿਪਟਣਾ ਵੀ ਜਾਣਦੇ ਹਾਂ –ਸੰਧੂ ਸਮੁੰਦਰੀ

**ਅੰਮ੍ਰਿਤਸਰ ਸਾਂਝੀ ਸੋਚ ਬਿਊਰੋ**

ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਮੋਦੀ ਸਰਕਾਰ 'ਚ ਅਮਨ ਕਾਨੂੰਨ ਅਤੇ ਨਸ਼ਿਆਂ ਨੂੰ ਲੈ ਕੇ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਇਨ੍ਹਾਂ ਮੁੱਦਿਆਂ ਉੱਤੇ ਰਾਜ ਸਰਕਾਰ ਨੇ ਕੁਝ ਨਾ ਕੀਤਾ ਤਾਂ ਕਾਨੂੰਨ 'ਚ ਲਿਖਿਆ ਹੈ ਕਿ ਕਿਵੇਂ ਨਿਪਟਣਾ ਹੈ। ਸੰਧੂ ਸਮੁੰਦਰੀ ਅੱਜ ਸੈਂਸਰਾ ਕਲਾਂ ਵਿਖੇ ਗੁਰੂ ਕੇ ਬਾਗ਼ ਮੰਡਲ ਦੇ ਰੈਲੀ ਨੂੰ ਸੰਬੋਧਨ ਕਰ ਰਹੇ ਸਨ। ਉਹਨਾਂ ਕਿਹਾ ਕਿ ਗੁਰੂ ਕੇ ਬਾਗ਼ ਨਾਲ ਉਹਨਾਂ ਦੇ ਪਰਿਵਾਰ ਦੀ ਭਾਵਨਾਤਮਕ ਸਾਂਝ ਰਹੀ ਹੈ। ਉਹਨਾਂ ਆਪਣੇ ਦਾਦਾ ਸਰਦਾਰ ਤੇਜਾ ਸਿੰਘ ਸਮੁੰਦਰੀ ਵੱਲੋਂ ਗੁਰੂ ਕੇ ਬਾਗ਼ ਮੋਰਚੇ ਵਿੱਚ ਪਾਏ ਗਏ ਯੋਗਦਾਨ ਨੂੰ ਯਾਦ ਕੀਤਾ । ਉਹਨਾਂ ਚਾਬੀਆਂ ਦੀ ਮੋਰਚੇ ਦੀ ਜਿੱਤ ਨੂੰ ਲੈ ਕੇ ਮਹਾਤਮਾ ਗਾਂਧੀ ਵੱਲੋਂ ਕੀਤੀ ਗਈ ਟਿੱਪਣੀ ਕਿ ਆਜ਼ਾਦੀ ਦੀ ਪਹਿਲੀ ਜੰਗ ਜਿੱਤੀ ਗਈ ਹੈ, ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਅਕਾਲੀ ਦਲ ਨੂੰ ਆਪਣਾ ਪਿਛੋਕੜ ਨਹੀਂ ਸੀ ਭੁੱਲਣਾ ਚਾਹੀਦਾ, ਪਰ ਦੁੱਖ ਦੀ ਗੱਲ ਹੈ ਕਿ ਹੁਣ ਇੱਕ ਹੋਰ ਮੋਰਚੇ ਦੀ ਮੰਗ ਉੱਠ ਰਹੀ ਹੈ। ਉਹਨਾਂ ਕਿਹਾ ਕਿ 2024 'ਚ ਵੀ ਅਸੀਂ ਅਮਨ ਕਾਨੂੰਨ, ਨਸ਼ੇ, ਗੰਦਗੀ, ਘਟ ਆਮਦਨੀ ਅਤੇ ਨੌਕਰੀਆਂ ਵਰਗੇ ਮੁੱਦਿਆਂ 'ਤੇ ਫਸੇ ਹੋਏ ਹਾਂ। ਅੰਮ੍ਰਿਤਸਰ ਅਤੇ ਅਜਨਾਲਾ ਨੂੰ ਪਤਾ ਹੈ ਕਿ ਸਾਡੇ ਲਈ ਪ੍ਰਗਤੀ ਜ਼ਰੂਰੀ ਹੈ। ਇਕੱਠੇ ਹੋ ਕੇ ਵਿਕਾਸ ਵੱਲ ਧਿਆਨ ਦੇਈਏ।

ਉਹਨਾਂ ਕਿਹਾ ਕਿ ਅਮਨ ਕਾਨੂੰਨ ਦਾ ਮੁੱਦਾ ਬਹੁਤ ਅਹਿਮ ਹੈ। ਇੱਕ ਰੈਲੀ ਦੇ ਬਾਹਰ ਚਲੀ ਗੋਲੀ ਬਾਰੇ ਪੁੱਛੇ ਜਾਣ 'ਤੇ ਉਹਨਾਂ ਕਿਹਾ ਕਿ ਅਮਨ ਕਾਨੂੰਨ ਦੇ ਸਥਿਤੀ ਬਹੁਤ ਖ਼ਰਾਬ ਹੈ, ਪਰ ਕੀ ਇਸ ਦੇ ਲਈ ਜੋ ਇੱਥੋਂ ਸੱਤ ਸਾਲ ਤੋਂ ਐਮਪੀ ਹਨ, ਗੁਰਜੀਤ ਔਜਲਾ ਖ਼ੁਦ ਜ਼ਿੰਮੇਵਾਰ ਨਹੀਂ?ਉਸ ਨੂੰ ਇਸ ਬਾਰੇ ਜਵਾਬ ਦੇਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਕਿਸੇ ਨੂੰ ਵੀ ਗੋਲੀ ਵੱਜੇ ਕੋਈ ਵੀ ਨੌਜਵਾਨ ਫੱਟੜ ਹੁੰਦਾ ਹੈ ਤਾਂ ਪਰਿਵਾਰ ਲਈ ਨਹੀਂ ਸਗੋਂ ਸਮਾਜ ਲਈ ਵੀ ਇਹ ਚਿੰਤਾ ਦਾ ਵਿਸ਼ਾ ਹੈ । ਅਜਿਹੇ ਖ਼ਰਾਬ ਵਾਤਾਵਰਨ ਵਿੱਚ ਅਜਿਹੀਆਂ ਖ਼ਬਰਾਂ ਬਾਹਰ ਜਾਣਗੀਆਂ ਤਾਂ ਅੰਮ੍ਰਿਤਸਰ ਦੀ ਛਵੀ ਖ਼ਰਾਬ ਹੋਵੇਗੀ ਹੀ। ਅਰਾਜਕਤਾ ਦੇ ਮਾਹੌਲ ਨਾਲ ਪੂੰਜੀ ਨਿਵੇਸ਼ 'ਤੇ ਗਹਿਰਾ ਅਸਰ ਪਵੇਗਾ। ਇਥੇ ਪੂੰਜੀ ਨਿਵੇਸ਼ ਕਰਨ ਤੋਂ ਪਹਿਲਾਂ ਲੋਕ ਸੋਚਣਗੇ।

ਉਹਨਾਂ ਕਿਹਾ ਕਿ ਮੈਂ ਵਾਅਦਾ ਕਰਦਾ ਹਾਂ ਕਿ ਮੋਦੀ ਸਰਕਾਰ 'ਚ ਅਮਨ ਕਾਨੂੰਨ, ਨਸ਼ੇ ਦਾ ਖ਼ਾਤਮਾ ਅਤੇ ਵਿਕਾਸ ਨੂੰ ਪਹਿਲ ਦਿੱਤੀ ਜਾਵੇਗੀ। ਉਹਨਾਂ ਕਿਹਾ ਕਿ ਰਾਜ ਸਰਕਾਰ ਨੇ ਨਸ਼ਾ ਅਤੇ ਅਮਨ ਕਾਨੂੰਨ 'ਚ ਸੁਧਾਰ ਲਿਆਉਣ ਲਈ ਕੁਝ ਨਾ ਕੀਤਾ ਤਾਂ ਫਿਰ ਕਾਨੂੰਨ ਤੇ ਸੰਵਿਧਾਨ 'ਚ ਲਿਖਿਆ ਹੈ ਕਿ ਇਹਨਾਂ ਨਾਲ ਕਿਵੇਂ ਨਿਪਟਣਾ ਹੈ। ਇਸ ਮੌਕੇ ਬੋਲਦਿਆਂ ਹਲਕਾ ਇੰਚਾਰਜ ਬੋਨੀ ਅਮਰਪਾਲ ਸਿੰਘ ਅਜਨਾਲਾ ਨੇ ਕਿਹਾ ਕਿ ਹਰ ਐਮਪੀ ਨੂੰ ਪੰਜ ਸਾਲਾਂ ਵਿੱਚ 25 ਕਰੋੜ ਰੁਪਏ ਮਿਲਦੇ ਹਨ, ਪਰ ਹੈਰਾਨੀ ਦੀ ਗੱਲ ਹੈ ਕਿ ਅਜਨਾਲੇ ਦੇ ਵਿੱਚ ਐਮਪੀ ਫ਼ੰਡ ਦੀ ਇੱਕ ਜਵਾਨੀ ਤੱਕ ਨਹੀਂ ਲੱਗੀ ਹੈ। ਬੋਨੀ ਅਜਨਾਲਾ ਨੇ ਕਿਹਾ ਕਿ ਮੋਦੀ ਸਰਕਾਰ ਵਲੋਂ ਅਜਨਾਲੇ ਦੇ ਵਿੱਚ ਜਿੰਨੇ ਵੀ ਕੱਚੇ ਮਕਾਨ ਹਨ ਪੱਕੇ ਕੀਤੇ ਜਾਣਗੇ। ਉਹਨਾਂ ਕਿਹਾ ਕਿ ਜੇ ਤੁਸੀਂ ਵਿਕਾਸ ਚਾਹੁੰਦੇ ਹੋ ਤਾਂ ਫਿਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਜਿਤਾ ਕੇ ਪਾਰਲੀਮੈਂਟ ਵਿੱਚ ਭੇਜਿਆ ਜਾਣਾ ਜ਼ਰੂਰੀ ਹੈ। ਜਿਸ ਦੇ ਲਈ ਉਹਨਾਂ ਕਮਲ ਦੇ ਫੁੱਲ ਨੂੰ ਵੋਟ ਦੇਣ ਦੀ ਅਪੀਲ ਕੀਤੀ।




# ਪੀਂਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ ਕਵਿਤਾ ਮੁਕਾਬਲਾ ਕਰਵਾਇਆ ਗਿਆ

**ਅੰਮ੍ਰਿਤਸਰ ਸਾਂਝੀ ਸੋਚ ਬਿਊਰੋ**



ਅਯਾਲੀ ਖੁਰਦ ਸੀਨੀਅਰ ਸੈਕੰਡਰੀ ਸਕੂਲ ਲੁਧਿਆਣਾ ਵਿਖੇ ਅਤੇ ਕਵਿਤਾ ਮੁਕਾਬਲੇ ਨੂੰ ਸਪਾਂਸਰ ਕੀਤਾ ਯੂਕੋ ਬੈਂਕ ਹਬੜਕਲਾਂ ਬ੍ਰਾਂਚ ਵੱਲੋਂ ਇਸ ਕਵਿਤਾ ਮੁਕਾਬਲੇ ਦਾ ਜੋ ਆਕਰਸ਼ਣ ਦਾ ਕੇਂਦਰ ਸੀ, ਉਹ ਸੀ ਅਯਾਲੀ ਖੁਰਦ ਸਕੂਲ, ਸਕੂਲ ਦੇ ਅਧਿਆਪਕ ਅਤੇ ਸਕੂਲ ਦੇ ਵਿਦਿਆਰਥੀ ਪੰਜਾਬੀ ਦੇ ਪ੍ਰਸਾਰ ਵਿੱਚ ਆਪਣਾ ਯੋਗਦਾਨ ਪਾਉਂਦਾ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਪਹੁੰਚਿਆ ਅਯਾਲੀ ਖੁਰਦ ਸੀਨੀਅਰ ਸੈਕੰਡਰੀ ਸਕੂਲ ਲੁਧਿਆਣਾ ਵਿਖੇ। ਲੇਖਕਾਂ ਦਾ ਇਹ ਮੰਚ ਸਿਰਫ ਆਪਣੀ ਕਲਮ ਰਾਹੀਂ ਪੰਜਾਬ, ਪੰਜਾਬਿਅਤ, ਪੰਜਾਬੀ ਵਿਰਸੇ ਅਤੇ ਪੰਜਾਬੀ ਭਾਸ਼ਾ ਨੂੰ ਪ੍ਰਫੁਲਿਤ ਨਹੀਂ ਕਰਦਾ ਬਲਕਿ ਸਕੂਲਾਂ ਕਾਲਜਾਂ ਦੇ ਬੱਚਿਆਂ ਵਿੱਚ ਵੀ ਇਹ ਜਜ਼ਬਾ ਭਰ ਰਿਹਾ ਹੈ। 18 ਮਈ 2024 ਨੂੰ ਅਯਾਲੀ ਖੁਰਦ ਸਕੂਲ ਵਿੱਚ ਉੱਚ ਪੱਧਰ ਦਾ ਕਵਿਤਾ ਮੁਕਾਬਲਾ ਕਰਵਾਇਆ ਗਿਆ। ਜਿਸ ਵਿੱਚ 24 ਬੱਚਿਆਂ ਨੇ ਭਾਗ ਲਿਆ। 5 ਵਿਦਿਆਰਥੀਆਂ ਨੂੰ ਜੇਤੂ ਘੋਸ਼ਿਤ ਕਰਕੇ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ ਪੁਰਸਕਾਰ ਦੇ ਕੇ ਸਨਮਾਨਿਤ ਕੀਤਾ ਗਿਆ। ਪਹਿਲਾ ਪੁਰਸਕਾਰ ਨਰਿੰਦਰ ਸਿੰਘ, ਦੂਸਰਾ ਪੁਰਸਕਾਰ ਦਿਲਸ਼ਾਨ, ਤੀਸਰਾ ਪੁਰਸਕਾਰ ਹਰਸ਼ਿਤਾ, ਚੌਥਾ ਪੁਰਸਕਾਰ ਅੰਜਲੀ, ਪੰਜਵਾ ਪੁਰਸਕਾਰ ਜਸਨੂਰ ਨੂੰ ਮਿਲਿਆ। ਬਾਕੀ ਸਾਰੇ ਕਵਿਤਾ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ ਸਨਮਾਨ ਪੱਤਰ ਦਿੱਤੇ ਗਏ। ਪੀਂਘਾਂ ਸੋਚ ਦੀਆਂ ਸਾਹਿਤ ਮੰਚ ਦੇ ਸੰਸਥਾਪਕ ਅਤੇ ਪ੍ਰਧਾਨ ਰਸ਼ਪਿੰਦਰ ਕੌਰ ਗਿੱਲ ਜੀ, ਕੁਲਦੀਪ ਕੌਰ ਸਚਦੇਵਾ ਜੀ, ਵਕੀਲ ਤ੍ਰਿਪਤਾ ਬਰਮੋਦਾ ਜੀ, ਪ੍ਰਭਜੋਤ ਸਿੰਘ ਜੀ, ਰਛਪਾਲ ਸਿੰਘ ਜੀ, ਹਰਪ੍ਰੀਤ ਕੌਰ ਜੀ ਅਤੇ ਹਰਜਿੰਦਰ ਸਿੰਘ ਜੀ ਨੇ ਜੱਜ ਦੀ ਭੂਮਿਕਾ ਨਿਭਾਉਂਦੇ ਹੋਏ ਪੰਜ ਜੇਤੂ ਕੱਢੇ। ਜੱਜ ਸਹਿਬਾਨ ਲਈ ਫੈਂਸਲਾ ਲੈਣਾ ਬਹੁਤ ਹੀ ਮੁਸ਼ਕਿਲ ਸੀ, ਕਿਉਂਕਿ ਵਿਦਿਆਰਥੀਆਂ ਦੀ ਪੰਜਾਬੀ ਬਹੁਤ ਸ਼ੁੱਧ ਸੀ ਅਤੇ ਪੇਸ਼ਕਾਰੀ ਬਾ-ਕਮਾਲ ਸੀ। ਮੈਡਮ ਰੇਖਾ ਜੀ ਨੇ ਸਟੇਜ ਸੈਕਟਰੀ ਦੀ ਭੂਮਿਕਾ ਬਾਖ਼ੂਬੀ ਨਿਭਾਈ। ਮੈਡਮ ਰਵਿੰਦਰ ਕੌਰ ਜੀ ਨੇ ਸਾਰੇ ਵਿਦਿਆਰਥੀਆਂ ਨੂੰ ਬਾਖ਼ੂਬੀ ਮੁਕਾਬਲੇ ਲਈ ਤਿਆਰ ਕੀਤਾ ਹੋਇਆ ਸੀ। ਸਕੂਲ ਦੇ ਪ੍ਰਿੰਸੀਪਲ ਨੇ ਮੰਚ ਦੇ ਆਏ ਹੋਏ ਮਹਿਮਾਨਾਂ ਦਾ ਬਹੁਤ ਹੀ ਭਰਵਾਂ ਸਵਾਗਤ ਕੀਤਾ। ਇਸ ਕਵਿਤਾ ਮੁਕਾਬਲੇ ਦਾ ਜੋ ਆਕ੍ਰਸ਼ਣ ਦਾ ਕੇਂਦਰ ਸੀ ਉਹ ਸੀ ਅਯਾਲੀ ਖੁਰਦ ਸਕੂਲ, ਸਕੂਲ ਦੇ ਅਧਿਆਪਕ ਅਤੇ ਸਕੂਲ ਦੇ ਵਿਦਿਆਰਥੀ। ਜਿੱਥੇ ਪੰਜਾਬ ਭਰ ਦੇ ਪ੍ਰਾਇਵੇਟ ਸਕੂਲ ਪੰਜਾਬੀ ਬੋਲਣ ਅਤੇ ਪੜਾਉਣ ਤੋਂ ਮਨਾ ਕਰਦੇ ਹਨ, ਉੱਥੇ ਇਸ ਸਕੂਲ ਅਤੇ ਇਸ ਸਕੂਲ ਦੇ ਅਧਿਆਪਕਾਂ ਨੇ ਪੰਜਾਬੀ ਭਾਸ਼ਾ ਆਪਣੇ ਵਿਦਿਆਰਥੀਆਂ ਵਿੱਚ ਘੁੱਟ-ਘੁੱਟ ਕੇ ਭਰੀ ਹੋਈ ਹੈ। ਇਸ ਮੁਕਾਬਲੇ ਵਿੱਚ ਬੱਚਿਆਂ ਨੂੰ ਆਪਣੇ ਪੰਜਾਬੀ ਵਿਰਸੇ ਨਾਲ ਜੁੜੇ ਦੇਖ ਕੇ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਦੇ ਮੈਂਬਰ ਵੀ ਹੈਰਾਨ ਸਨ। ਸਕੂਲ ਦੇ ਅਧਿਆਪਕਾਂ ਅਤੇ ਬੱਚਿਆਂ ਦੀ ਮਿਹਨਤ ਸਦਕਾ ਇਹ ਮੁਕਾਬਲਾ ਮੰਚ ਲਈ ਇੱਕ ਯਾਦਗਿਰੀ ਸਮਾਗਮ ਹੋ ਨਿਬੜਿਆ। ਆਏ ਹੋਏ ਸਾਰੇ ਪਤਵੰਤੇ ਸੱਜਣਾ ਦਾ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ ਸਨਮਾਨ ਪੱਤਰ ਦੇ ਕੇ ਸਤਿਕਾਰ ਕੀਤਾ ਗਿਆ। ਇਸ ਕਵਿਤਾ ਮੁਕਾਬਲੇ ਨੂੰ ਸਪਾਂਸਰ ਕੀਤਾ ਯੂਕੋ ਬੈਂਕ ਹਬੜਕਲਾਂ ਬ੍ਰਾਂਚ ਵੱਲੋਂ। ਬ੍ਰਾਂਚ ਦੇ ਮੈਨੇਜਰ ਰਛਪਾਲ ਸਿੰਘ ਜੀ ਦਾ ਅਤੇ ਅਯਾਲੀ ਖੁਰਦ ਸੀਨੀਅਰ ਸੈਕੰਡਰੀ ਸਕੂਲ ਲੁਧਿਆਣਾ ਦਾ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਦਿਲੋਂ ਧੰਨਵਾਦੀ ਹੈ।

SAN JOAQUIN MAGAZINE 2019 Best of SanJoaquin BRONZE
dhaba Indian Cuisine
Thank you for voting us one of the best Indian restaurants in San Joaquin !
Bar & Banquet Hall
430 W. Grant Line Road, Tracy
(209) 597-5222
Open 6 days a week
Closed Tuesdays
2242 W. Grant Line Road #101, Tracy
(209) 835-9090
Open 7 days a week
One-site Catering & Party Trays

ਵਿਆਹ-ਸ਼ਾਦੀਆਂ ਅਤੇ ਪਾਰਟੀਆਂ ਲਈ ਭਾਰਤੀ ਖਾਣੇ ਦਾ ਖ਼ਾਸ ਪ੍ਰਬੰਧ ਹੈ

ਸਾਡੇ ਕੋਲ 300 ਬੰਦਿਆਂ ਦੇ ਬੈਠਣ ਲਈ ਬੈਂਕੁਟ ਹਾਲ ਵੀ ਹੈ
We beat all prices
ਅਸੀਂ 1000 ਵਿਅਕਤੀਆਂ ਲਈ ਕੈਟਰਿੰਗ ਦਾ ਪ੍ਰਬੰਧ ਵੀ ਕਰਦੇ ਹਾਂ
dhabaindiancuisines.com
ਸਾਡਾ ਢਾਬਾ ਸੰਸਾਰ ਦੀ ਪੁਰਾਣੀ ਜਗ੍ਹਾ 'ਤੇ ਹੈ


WE HAVE THE CHEAPEST FARES TO INDIA
LEGEND TRAVEL
arc accredited agency
CST # 207524-40
Special Fares To India From West-coast (us) On Air India Direct Flights
AIR INDIA
JATINDER SINGH
LOWEST AIRFARES FROM USA TO INDIA
★Travel Insurance ★ Great last Minute Deals★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108,
FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA


ਸ਼੍ਰੋਮਣੀ ਅਕਾਲੀ ਦਲ
VOTE & SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
PARWINDER PAL SINGH RATHAUR


One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੇਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354





RE/MAX®
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਅੰਮ੍ਰਿਤਸਰ ’ਚ ਵਪਾਰ ਨੂੰ ਪ੍ਰਫੁਲਿਤ ਕੀਤਾ ਜਾਵੇਗਾ –ਤਰਨਜੀਤ ਸਿੰਘ ਸੰਧੂ

**ਅੰਮ੍ਰਿਤਸਰ**
**ਡਾ.ਰਾਜਿੰਦਰ ਰਿਖੀ**

ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਵਪਾਰਕ ਉੱਨਤੀ ਅਤੇ ਉਦਯੋਗਿਕ ਵਿਕਾਸ ਤੋਂ ਬਿਨਾ ਅੰਮ੍ਰਿਤਸਰ ਦੀ ਵਿਕਾਸ ਯਾਤਰਾ ਨੂੰ ਆਕਾਰ ਨਹੀਂ ਦਿੱਤਾ ਜਾ ਸਕਦਾ, ਇਸ ਲਈ ਅੰਮ੍ਰਿਤਸਰ ਦੀ ਇੰਡਸਟਰੀ ਅਤੇ ਵਪਾਰ ਨੂੰ ਪ੍ਰਫੁਲਿਤ ਕੀਤਾ ਜਾਣਾ ਜ਼ਰੂਰੀ ਹੈ।ਸੰਧੂ ਹੋਲੀ ਸਿਟੀ ਕਾਲੋਨੀ ਵਿਖੇ ਆਯੋਜਿਤ ਚਾਹ ਪਾਰਟੀ ’ਚ ਸ਼ਿਰਕਤ ਕਰਨ ਆਏ ਸਨ, ਨੇ ਕਿਹਾ ਕਿ ਨਰਿੰਦਰ ਮੋਦੀ ਸਰਕਾਰ ਦਾ ਅਗਲਾ ਲਕਸ਼ ਅੰਮ੍ਰਿਤਸਰ ਦੇ ਵਿਚ ਵਪਾਰ ਅਤੇ ਇੰਡਸਟਰੀ ਨੂੰ ਮੁੜ ਲੀਹਾਂ ’ਤੇ ਲਿਆਉਣ ਦਾ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ’ਚ ਵਪਾਰ ਅਤੇ ਲਘੂ ਉਦਯੋਗ ਨੂੰ ਸਥਾਪਿਤ ਕਰਨ ਲਈ ਗੁਰੂ ਸਾਹਿਬਾਨ ਨੇ ਵੱਖ ਵੱਖ ਖੇਤਰਾਂ ਤੋਂ ਮਾਹਿਰ ਕਾਰੀਗਰਾਂ ਅਤੇ ਵਪਾਰੀਆਂ ਨੂੰ ਵਸਾਇਆ। ਦੇਸ਼ ਦੀ ਅਜ਼ਾਦੀ ਸਮੇਂ ਇਹ ਸ਼ਹਿਰ ਵਪਾਰ ਅਤੇ ਉਦਯੋਗ ਪੱਖੋਂ ਕਿਸੇ ਤੋਂ ਪਿੱਛੇ ਨਹੀਂ ਸੀ। ਪਰ ਅੱਜ ਸਥਿਤੀ ਬਦਲ ਚੁੱਕੀ ਹੈ। ਅੱਜ ਅਮਨ ਕਾਨੂੰਨ ਦੀ ਖ਼ਰਾਬ ਹਾਲਤਾਂ ਅਤੇ ਨਸ਼ਿਆਂ ਦੇ ਪਸਾਰੇ ਨੇ ਪੂਜੀ ਨਿਵੇਸ਼ਕਾਂ ਨੂੰ ਜਿੱਥੇ ਆਉਣ ਤੋਂ ਦੂਰ ਕੀਤਾ ਹੋਇਆ ਹੈ। ਉੱਥੇ ਹੀ ਸੂਬਾ ਸਰਕਾਰ ਵੱਲੋਂ ਸਹੂਲਤਾਂ ਦੇਣ ’ਚ ਨਾਕਾਮੀ ਨੇ ਇੱਥੋਂ ਦੀ ਇੰਡਸਟਰੀ ਦਾ ਵੀ ਕਾਫ਼ੀ ਭੋਗ ਪਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਅਤੇ ਲੋਕ ਸਭਾ ਮੈਂਬਰ ਨੂੰ ਇਸ ਪਾਸੇ ਧਿਆਨ ਦੇਣ ਦੀ ਲੋੜ ਸੀ, ਪਰ ਇਥੇ ਸਾਡੇ ਚੁਣੇ ਹੋਏ ਸਾਂਸਦ ਗੁਰਜੀਤ ਔਜਲਾ ਆਪਣੇ ਘਰ ਸਾਹਮਣੇ ਵਗਦਾ ਗੰਦਾ ਨਾਲੇ ਦਾ ਮਸਲਾ ਨਹੀਂ ਸੁਲਝਾ ਸਕਿਆ ਹੋਰ ਉਸ ਤੋਂ ਕੀ ਉਮੀਦ ਰੱਖੀ ਜਾ ਸਕਦੀ ਹੈ। ਉਨ੍ਹਾਂ ਕਿਹਾ ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਅਤੇ ਰਾਜ ਸਰਕਾਰ ਦੇ ਮੰਤਰੀ ਤੋਂ ਇਹ ਵੀ ਨਹੀਂ ਹੋਇਆ ਕਿ ਸ਼ਹਿਰ ਦੀ ਗੰਦਗੀ ਨੂੰ ਹੀ ਸਾਫ਼ ਕਰਾ ਲਿਆ ਜਾਵੇ। ਉਨ੍ਹਾਂ ਕਿਹਾ ਕਿ ਸੈਰ ਕਰਨ



ਲਈ ਲੋਕ ਸੈਰਗਾਹ ਜਾਂ ਪਾਰਕਾਂ ਵਿਚ ਜਾਂਦੇ ਹਨ, ਪਰ ਉੱਥੇ ਨੇੜੇ ਹੀ ਗੰਦਗੀ ਦੇ ਢੇਰ ਹਨ ਅਤੇ ਅੱਗਾਂ ਲੱਗੀਆਂ ਹੁੰਦੀਆਂ ਹਨ, ਜਿਸ ਨਾਲ ਹਾਨੀਕਾਰਕ ਧੂਹਾਂ ਫੇਫੜਿਆਂ ’ਚ ਜਾ ਰਿਹਾ ਹੁੰਦਾ ਹੈ।ਉਨ੍ਹਾਂ ਕਿਹਾ ਕਿ ਕਈ ਇਲਾਕਿਆਂ ’ਚ ਨਸ਼ੇ ਦੀ ਸਮੱਸਿਆ ਤਾਂ ਹੈ ਹੀ, ਪਰ ਉੱਥੇ ਸੀਵਰੇਜ ਦੀ ਸਮੱਸਿਆ ਨਾਲ ਲੋਕਾਂ ਦਾ ਜਿਊਂਣਾ ਵੀ ਮੁਸ਼ਕਲ ਬਣਿਆ ਹੋਇਆ ਹੈ।ਸੰਧੂ ਸਮੁੰਦਰੀ ਨੇ ਕਿਹਾ ਕਿ ਅੰਮ੍ਰਿਤਸਰ ਦੇ ਵਪਾਰ ਨੂੰ ਪ੍ਰਫੁਲਿਤ ਕਰਨ ਲਈ ਅਨੇਕਾਂ ਅਵਸਰ ਹੁਣ ਵੀ ਹਨ।ਸਾਨੂੰ ਅੰਮ੍ਰਿਤਸਰ ਏਅਰ ਕਾਰਗੋ ਦੀ ਵਰਤੋਂ ਸੌ ਫ਼ੀਸਦੀ ਕਰਨ ਦੀ ਲੋੜ ਹੈ, ਜੋ ਹੁਣ ਕੇਵਲ 20 ਫ਼ੀਸਦੀ ਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨ ਅਤੇ ਵਪਾਰੀਆਂ ਦੇ ਆਮਦਨੀ ਵਧਾਉਣ ਲਈ ਫ਼ਲ ਅਤੇ ਸਬਜ਼ੀਆਂ ਖਾੜੀ ਅਤੇ ਯੂਰਪ ਨੂੰ ਭੇਜੀਆਂ ਜਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਅਟਾਰੀ ਬਾਡਰ ਰਾਹੀਂ ਯੂ ਏ ਈ ਅਤੇ ਹੋਰ ਖਾੜੀ ਦੇਸ਼ਾਂ ਨਾਲ ਵਪਾਰ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਉੱਥੇ ਹੀ ਅੰਮ੍ਰਿਤਸਰ ਮਖੂ ਹੁੰਦਾ ਹੋਇਆ ਗੁਜਰਾਤ ਪੋਰਟ ਰਾਹੀਂ ਯੂਰਪ ਤਕ ਪਹੁੰਚ ਬਣਾਈ ਜਾ ਸਕਦੀ ਹੈ। ਉਨ੍ਹਾਂ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਰਾਜ ਸਰਕਾਰ ਮਖੂ ਤੇ ਪੱਟੀ 25 ਕਿੱਲੋਮੀਟਰ ਰੇਲ ਲਿੰਕ ਨੂੰ ਜੋੜਨ ਲਈ ਵੀ ਆਨਾਕਾਨੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਅਤੇ ਕੈਨੇਡਾ ਨਾਲ ਏਅਰ ਕੁਨੈਕਟੀਵਿਟੀ ਵਧਾਉਣ ਦੇ ਉਪਰਾਲੇ ਕੀਤੇ ਜਾਣਗੇ। ਜਿਸ ਨਾਲ ਅੰਮ੍ਰਿਤਸਰ ਦੀ ਟੂਰਿਜ਼ਮ ਨੂੰ ਵਧਾਉਣ ’ਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਸਟਾਰਟਅੱਪ ਮੋਦੀ ਸਰਕਾਰ ਦਾ ਵਧੀਆ ਉਪਰਾਲਾ ਹੈ। ਨੌਜਵਾਨ ਆਪਣਾ ਕਾਰੋਬਾਰ ਸ਼ੁਰੂ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਨਾਲ ਸੰਬੰਧਿਤ ਅਮਰੀਕਾ ਪਰਵਾਸੀ ਭਾਈਚਾਰੇ ਨੇ ‘ਵਿਕਸਿਤ ਅੰਮ੍ਰਿਤਸਰ ਇਨਵੈਸਟਮੈਂਟ’ ਦਾ ਗਠਨ ਕਰਦਿਆਂ ਅੰਮ੍ਰਿਤਸਰ ਵਿੱਚ ਨੌਜਵਾਨ ਉੱਦਮੀਆਂ ਨੂੰ ਰੋਜ਼ਗਾਰ ਅਤੇ ਆਪਣਾ ਸਟਾਰਟ-ਅੱਪ ਸ਼ੁਰੂ ਕਰਨ ’ਚ ਮਦਦ ਕਰਨ ਲਈ ਇਕ ਸੌ ਮਿਲੀਅਨ ਡਾਲਰ ਭਾਵ ਕਿ 850 ਕਰੋੜ ਤੋਂ ਵੱਧ ਦੀ ਰਕਮ ਜੁਟਾਈ ਹੈ। ਸੰਧੂ ਸਮੁੰਦਰੀ ਨੇ ਕਿਹਾ ਕਿ ਜੋ ਮੇਰੇ ਦਾਦਾ ਜੀ ਸ਼ਹੀਦ ਸਰਦਾਰ ਤੇਜਾ ਸਿੰਘ ਸਮੁੰਦਰੀ ਨੇ ਮਾਝੇ ਦੀ ਸੇਵਾ ਕੀਤੀ ਅਤੇ ਮੇਰੇ ਪਿਤਾ ਬਿਸ਼ਨ ਸਿੰਘ ਸਮੁੰਦਰੀ ਅਤੇ ਮਾਤਾ ਜਗਜੀਤ ਕੌਰ ਨੇ ਸਿੱਖਿਆ ਦੇ ਖੇਤਰ ਵਿਚ ਸੇਵਾ ਕੀਤੀ, ਹੁਣ ਮੇਰੀ ਵਾਰੀ ਹੈ ਕਿ ਮੈਂ ਵੀ ਲੋਕਾਂ ਦੀ ਸੇਵਾ ਕਰਾਂ।ਇਸ ਮੌਕੇ ਬੋਲਦਿਆਂ ਚਾਹ ਪਾਰਟੀ ਦੇ ਆਯੋਜਕ ਆਰ ਐਸ ਚਾਵਲਾ ਨੇ ਕਿਹਾ ਕਿ ਸੰਧੂ ਸਮੁੰਦਰੀ ਤੋਂ ਅੰਮ੍ਰਿਤਸਰ ਨੂੰ ਵੱਡੀ ਆਸ ਹੈ। ਉਨ੍ਹਾਂ ਕਿਹਾ ਕਿ ਉਦਯੋਗਿਕ ਖੇਤਰ ਅਤੇ ਵਪਾਰ ਨੂੰ ਪ੍ਰਫੁਲਿਤ ਕਰਨ ਲਈ ਸੰਧੂ ਸਮੁੰਦਰੀ ਦਾ ਸਾਥ ਦਿੱਤਾ ਜਾਵੇਗਾ। ਉਨ੍ਹਾਂ ਇਕ ਜੂਨ ਨੂੰ ਕਮਲ ਦੇ ਫੁੱਲ ’ਤੇ ਵੋਟ ਕਰਦਿਆਂ ਭਾਜਪਾ ਉਮੀਦਵਾਰ ਸੰਧੂ ਸਮੁੰਦਰੀ ਨੂੰ ਜਿੱਤ ਦਿਵਾਉਣ ਦੀ ਅਪੀਲ ਕੀਤੀ। ਇਸ ਮੌਕੇ ਸੰਤੋਖ ਸਿੰਘ ਗੁਮਟਾਲਾ ਵੀ ਮੌਜੂਦ ਸਨ।

# ਸੰਧੂ ਸਮੁੰਦਰੀ ਨੇ ਮਜੀਠਾ ਵਿੱਚ ਚੋਣ ਦਫ਼ਤਰ ਦਾ ਉਦਘਾਟਨ ਕੀਤਾ

**ਅੰਮ੍ਰਿਤਸਰ**
**ਸਾਂਝੀ ਸੋਚ ਬਿਊਰੋ**

ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਅੱਜ ਮਜੀਠਾ ਵਿਖੇ ਚੋਣ ਦਫ਼ਤਰ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਹਲਕਾ ਇੰਚਾਰਜ ਪ੍ਰਦੀਪ ਭੁੱਲਰ, ਰਾਜਬੀਰ ਸਿੰਘ ਅਤੇ ਗੁਰਮੁਖ ਸਿੰਘ ਕਾਦਰਾਬਾਦ ਵੀ ਮੌਜੂਦ ਸਨ। ਇਸ ਮੌਕੇ ਉਨ੍ਹਾਂ ਕਾਂਗਰਸੀ ਉਮੀਦਵਾਰ ਗੁਰਜੀਤ ਔਜਲਾ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਕਾਂਗਰਸ ਕਿਸਾਨਾਂ ਦੀ ਬਿਲਕੁਲ ਵੀ ਹਿਤੈਸ਼ੀ ਨਹੀਂ ਹੈ। ਉਨ੍ਹਾਂ ਕਿਹਾ ਕਿ ਤੁਸੀਂ ਦੇਖ ਸਕਦੇ ਹੋ ਕਿ ਕਾਂਗਰਸ ਦੇ ਸਮੇਂ ਅਤੇ ਭਾਜਪਾ ਦੇ ਸਮੇਂ, ਖ਼ਾਸ ਕਰਕੇ ਪ੍ਰਧਾਨ ਮੰਤਰੀ ਮੋਦੀ ਦੇ ਸਮੇਂ ਦੌਰਾਨ ਐਮਐਸਪੀ ਕੀ ਸੀ, ਤੁਹਾਨੂੰ ਆਪਣੇ ਆਪ ਪਤਾ ਲੱਗ ਜਾਵੇਗਾ। ਪਿਛਲੇ 10 ਸਾਲਾਂ ਵਿੱਚ ਐਮ ਐਸ ਪੀ 1.5 ਤੋਂ 2.3 ਗੁਣਾ ਵਧਿਆ ਹੈ । 2014 ਤੋਂ 21 ਤਕ 50 ਤੋਂ 83 % ਦਾ ਐਮ ਐਸ ਪੀ ਵਾਧਾ ਹੋਇਆ। ਪਰ ਇੱਕ ਹੋਰ ਦਿਲਚਸਪ ਗੱਲ ਇਹ ਹੈ ਕਿ ਕਾਂਗਰਸ ਦੇ ਸੰਸਦ ਮੈਂਬਰ ਗੁਰਜੀਤ ਔਜਲਾ ਕੇਂਦਰੀ ਖੇਤੀਬਾੜੀ ਕਮੇਟੀ ਦੇ ਮੈਂਬਰ ਵੀ ਹਨ। ਪਰ ਇਸ ਖੇਤੀ ਕਮੇਟੀ ਮੈਂਬਰ ਨੇ ਕਿਸਾਨਾਂ ਦੇ ਹੱਕ ਵਿੱਚ ਅਸਤੀਫ਼ਾ ਨਹੀਂ ਦਿੱਤਾ। ਪਰ ਮੈਂ ਕਦੇ ਨਹੀਂ ਦੇਖਿਆ ਕਿ ਕਿਸਾਨ ਜਥੇਬੰਦੀਆਂ ਨੇ ਕਦੇ ਉਨ੍ਹਾਂ ਨੂੰ ਰੋਕਿਆ ਹੋਵੇ। ਔਜਲੇ ਨੂੰ ਪੁੱਛਿਆ ਜਾਵੇ ਕਿ ਤੁਸੀਂ ਐਗਰੀਕਲਚਰ ਕਮੇਟੀ ਦੇ ਮੈਂਬਰ ਹੋ, ਫਿਰ ਤੁਸੀਂ ਸਾਡੇ ਇਲਾਕੇ ਲਈ ਸਾਡੇ



ਕਿਸਾਨਾਂ ਲਈ ਕੀ ਕੀਤਾ ਹੈ? ਉਸ ਨੇ ਕਦੇ ਵਿਰੋਧ ਨਹੀਂ ਕੀਤਾ, ਸੀ ਅਤੇ ਅਜੇ ਵੀ ਸੰਸਦੀ ਰਿਕਾਰਡ ਦਾ ਮੈਂਬਰ ਹੈ। ਸੰਧੂ ਸਮੁੰਦਰੀ ਨੇ ਕਿਹਾ ਕਿ ਖੇਤੀ ਨੂੰ ਲੈ ਕੇ ਸਿਆਸਤ ਨਹੀਂ ਹੋਣੀ ਚਾਹੀਦੀ, ਪਰ ਹੋ ਰਹੀ ਹੈ। ਸਾਨੂੰ ਕਿਸਾਨਾਂ ਦੀ ਆਮਦਨ ਵਧਾਉਣੀ ਚਾਹੀਦੀ ਹੈ। ਮੈਂ ਇੱਕ ਕਿਸਾਨ ਪਰਿਵਾਰ ਵਿੱਚੋਂ ਹਾਂ। ਮੈਂ ਬਹੁਤ ਸਪਸ਼ਟ ਪ੍ਰਸਤਾਵ ਰੱਖੇ ਹਨ ਜਿਸ ਨਾਲ ਅੰਮ੍ਰਿਤਸਰ ਦੇ ਕਿਸਾਨਾਂ ਦੀ ਆਮਦਨ ਵਧੇਗੀ ਅਤੇ ਜੇਕਰ ਕੋਈ ਇਸ ਨੂੰ ਵਧਾ ਸਕਦਾ ਹੈ ਤਾਂ ਮੈਂ ਉਸ ਦਾ ਵੀ ਸਵਾਗਤ ਕਰਾਂਗਾ। ਪਰ ਕਿਸੇ 'ਤੇ ਚਿੱਕੜ ਸੁੱਟਣਾ, ਵਿਰੋਧ ਕਰਨਾ ਅਤੇ ਸੜਕਾਂ ਜਾਮ ਕਰਨਾ ਆਦਿ ਨਹੀਂ ਹੋਣਾ ਚਾਹੀਦਾ। ਮੇਰਾ ਵਿਰੋਧ ਰਾਜਨੀਤੀ ਤੋਂ ਪ੍ਰੇਰਿਤ ਹੈ। ਸੰਧੂ ਸਮੁੰਦਰੀ ਨੇ ਕਿਹਾ ਕਿ ਕਿਸਾਨਾਂ ਦੀ ਆਮਦਨ ਵਧਾਉਣ ਲਈ ਮੈਂ ਉਨ੍ਹਾਂ ਨੂੰ ਹਵਾਈ ਕਾਰਗੋ ਰਾਹੀਂ ਖਾੜੀ ਦੇਸ਼ਾਂ ਨੂੰ ਫ਼ਲ ਅਤੇ ਸਬਜ਼ੀਆਂ ਭੇਜਣ ਦਾ ਸੁਝਾਅ ਦਿੰਦਾ ਹਾਂ। ਕੀ ਕਦੇ ਕਿਸੇ ਨੇ ਗੱਲ ਕੀਤੀ ਹੈ? ਕਿਸਾਨਾਂ ਨੂੰ ਸਮਝਾਉਣ ਦੀ ਕੋਸ਼ਿਸ਼ ਕੀਤੀ? ਤੁਸੀਂ ਦੇਖੋ, ਹੁਣ ਵੀ ਕਿਸਾਨਾਂ ਨੂੰ ਗੁਮਰਾਹ ਕੀਤਾ ਜਾਂਦਾ ਹੈ, ਇਹ ਨਹੀਂ ਦੱਸਿਆ ਜਾਂਦਾ ਕਿ ਚੰਗੀਆਂ ਵਿਦੇਸ਼ੀ ਕੰਪਨੀਆਂ ਜਿਨ੍ਹਾਂ ਕੋਲ ਨਵੀਂ ਤਕਨੀਕ ਹੈ, ਉਹ ਹਵਾਈ ਜਹਾਜ਼ ਦੇ ਬਾਲਣ ਲਈ ਪਰਾਲੀ ਅਤੇ ਸੜਕਾਂ ਲਈ ਯੂਰਪ ਵਿਚ ਪਰਾਲੀ ਦੀ ਵਰਤੋਂ ਕਰ ਰਹੀਆਂ ਹਨ। ਇਹ ਕਿਸਾਨਾਂ ਨੂੰ ਦੱਸਣਾ ਚਾਹੀਦਾ ਹੈ। ਮਜੀਠਾ ਦੇ ਲੋਕਾਂ ਨੇ ਮੈਨੂੰ ਦੋ ਵੱਡੀਆਂ ਸਮੱਸਿਆਵਾਂ ਬਾਰੇ ਦੱਸਿਆ ਹੈ ਜੋ ਇੱਥੇ ਪ੍ਰਮੁੱਖ ਬਣੀਆਂ ਹਨ। ਇਨ੍ਹਾਂ ਨਸ਼ਿਆਂ ਅਤੇ ਗੁੰਡਾਗਰਦੀ ਵਿਰੁੱਧ ਮੁੜ ਮੋਦੀ ਸਰਕਾਰ ਬਣਦਿਆਂ ਹੀ ਨਸ਼ਿਆਂ ਦੇ ਸੌਦਾਗਰਾਂ ਦੀ ਜਾਂਚ ਕਰਕੇ ਜੇਲ੍ਹਾਂ ਵਿੱਚ ਡੱਕਿਆ ਜਾਵੇਗਾ। ਇਹ ਲੋਕ ਮਨੁੱਖਤਾ ਵਿਰੋਧੀ ਹਨ। ਨਸ਼ਿਆਂ ਅਤੇ ਗੁੰਡਾਗਰਦੀ ਨੂੰ ਸਰਪ੍ਰਸਤੀ ਦੇਣ ਵਾਲਿਆਂ ਨੂੰ ਸ਼ਰਮ ਆਉਣੀ ਚਾਹੀਦੀ ਹੈ । ਉਹ ਲੋਕਾਂ ਨੂੰ ਤੰਗ ਪ੍ਰੇਸ਼ਾਨ ਕਰ ਕੇ ਵੱਡਾ ਲੀਡਰ ਨਹੀਂ ਬਣਿਆ ਜਾ ਸਕਦਾ। ਮੈਂ ਇੱਥੇ ਪਰਿਵਾਰਾਂ ਨੂੰ ਭਰੋਸਾ ਦਿਵਾਇਆ ਹੈ ਕਿ ਇਸ ਵਾਰ ਵੀ ਮੋਦੀ ਸਰਕਾਰ ਨੇ ਵਾਪਸ ਆਉਣਾ ਹੈ ਅਤੇ ਨਸ਼ਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਮੁੱਖ ਮੰਤਰੀ ਭਗਵੰਤ ਮਾਨ ਨੇ ਹਰਿਆਣਾ ਦੇ ਜ਼ਿਲ੍ਹਾ ਨੂੰਹ ’ਚ ਸ਼ਰਧਾਲੂਆਂ ਦੀ ਹੋਈ ਦਰਦਨਾਕ ਮੌਤ ’ਤੇ ਕੀਤਾ ਦੁੱਖ ਦਾ ਪ੍ਰਗਟਾਵਾ

**ਚੰਡੀਗੜ੍ਹ**
**ਸਾਂਝੀ ਸੋਚ ਬਿਊਰੋ**

ਮੁੱਖ ਮੰਤਰੀ ਭਗਵੰਤ ਮਾਨ ਨੇ ਹਰਿਆਣਾ ਦੇ ਨੂਹ ਵਿਖੇ ਸ਼ਰਧਾਲੂਆਂ ਨਾਲ ਭਰੀ ਬੱਸ ਨੂੰ ਅੱਗ ਲੱਗਣ ਕਾਰਨ ਸ਼ਰਧਾਲੂਆਂ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਮੁੱਖ ਮੰਤਰੀ ਨੇ ਵਿੱਛੜੀਆਂ ਰੂਹਾਂ ਦੀ ਸ਼ਾਂਤੀ ਅਤੇ ਜ਼ਖ਼ਮੀਆਂ ਦੇ ਜਲਦੀ ਠੀਕ ਹੋਣ ਦੀ ਅਰਦਾਸ ਕੀਤੀ।ਮੁੱਖ ਮੰਤਰੀ ਨੇ ‘ਐਕਸ’ ‘ਤੇ ਲਿਖਿਆ ਕਿ ਹਰਿਆਣਾ ਦੇ ਨੂੰਹ ‘ਚ ਸ਼ਰਧਾਲੂਆਂ ਨਾਲ ਭਰੀ ਇੱਕ ਬੱਸ ਨੂੰ ਅੱਗ ਲੱਗਣ ਦੌਰਾਨ ਵਾਪਰੇ ਵੱਡੇ ਹਾਦਸੇ ਦੀ ਖ਼ਬਰ ਮਿਲੀ। ਜਿਸ ਵਿੱਚ ਪੰਜਾਬ ਦੇ ਹੁਸ਼ਿਆਰਪੁਰ ਅਤੇ ਲੁਧਿਆਣਾ ਤੋਂ ਧਾਰਮਿਕ ਸਥਾਨਾਂ ਦੀ ਯਾਤਰਾ ਲਈ ਗਏ ਪੰਜਾਬੀਆਂ ਦੀ ਦੁਖਦਾਈ ਮੌਤ ਦੀ ਖ਼ਬਰ ਮਿਲੀ ਹੈ ਅਤੇ ਕੁੱਝ ਲੋਕ ਜ਼ਖ਼ਮੀ ਦੱਸੇ ਜਾ ਰਹੇ ਹਨ। ਮੈਂ ਪਰਮਾਤਮਾ ਅੱਗੇ ਵਿੱਛੜੀਆਂ ਰੂਹਾਂ ਦੀ ਆਤਮਿਕ ਸ਼ਾਂਤੀ ਅਤੇ ਜ਼ਖ਼ਮੀਆਂ ਦੀ ਜਲਦ ਸਿਹਤਯਾਬੀ ਲਈ ਅਰਦਾਸ ਕਰਦਾ ਹਾਂ। ਸਰਕਾਰ ਪਰਿਵਾਰਾਂ ਦੇ ਨਾਲ ਖੜ੍ਹੀ ਹੈ ਤੇ ਹਰ ਸੰਭਵ ਮਦਦ ਕੀਤੀ ਜਾਵੇਗੀ। ਦੱਸ ਦੇਈਏ ਕਿ ਕੁੰਡਲੀ ਮਾਨੇਸਰ ਪਲਵਲ ਐਕਸਪ੍ਰੈਸਵੇਅ 'ਤੇ ਦੇਰ ਰਾਤ ਸ਼ਰਧਾਲੂਆਂ ਨਾਲ ਭਰੀ ਬੱਸ ਨੂੰ ਅਚਾਨਕ ਅੱਗ ਲੱਗ ਗਈ। ਹਾਦਸੇ ਦਾ ਸ਼ਿਕਾਰ ਹੋਏ ਜ਼ਿਆਦਾਤਰ ਪੰਜਾਬ ਦੇ ਵਸਨੀਕ ਦੱਸੇ ਜਾਂਦੇ ਹਨ। ਜੋ ਮਥੁਰਾ ਅਤੇ ਵ੍ਰਿੰਦਾਵਨ ਤੋਂ ਦਰਸ਼ਨ ਕਰਕੇ ਵਾਪਸ ਆ ਰਹੇ ਸਨ। ਬੱਸ ਵਿੱਚ ਕਰੀਬ 60 ਲੋਕ ਸਵਾਰ ਸਨ। ਇਨ੍ਹਾਂ ਵਿੱਚ ਬੱਚੇ ਅਤੇ ਔਰਤਾਂ ਵੀ ਸ਼ਾਮਲ ਸਨ। ਦੱਸਿਆ ਜਾ ਰਿਹਾ ਹੈ ਕਿ ਇਸ ਹਾਦਸੇ 'ਚ 9 ਲੋਕ ਜ਼ਿੰਦਾ ਸੜ ਗਏ, ਜਿਨ੍ਹਾਂ ਦੀ ਮੌਤ ਹੋ ਗਈ।




VOTE & SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
RAVINDER SINGH BOYAL


Star India
SWEETS AND CATERING
VEG AND NON-VEG
Entrees
DESSERTS
APPETIZERS
BEVERAGES
SIDES ETC.
RENOWNED CHEFS
HIGH QUALITY INGREDIENTS
ਵਿਆਹ - ਸ਼ਾਦੀਆਂ ਜਾਂ ਪਾਰਟੀਆਂ ਲਈ 2000 ਬੰਦਿਆਂ ਦੀ ਕੇਟਰਿੰਗ ਦਾ ਵੀ ਖਾਸ ਪ੍ਰਬੰਧ
ਦੇਸੀ ਘੀ ਦੀਆਂ ਸਵਾਦਿਸ਼ਟ ਤੇ ਤਾਜ਼ੀਆਂ ਮਠਿਆਈਆਂ ਖ਼ਾਸ ਮੌਕਿਆਂ ਲਈ
ORDERS ਤੇ ਕਰਵਾਓ ਤਿਆਰ
DINE IN AND TO GO ORDERS ALSO AVAILABLE
ਹਫ਼ਤੇ ਦੇ 7 ਤੇ ਦਿਨ ਖੁੱਲਾ : 10am-9pm
PHONE NUMBER:
(209) 629-8511, (209)858-1380
CELL ( ASHOK VERMA) (209) 681-5171
Address :- 209 E Louise Ave, Lathrop, CA , 95330


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828


SAN MARCO TEEYAN BAY POINT
PROUDLY PRESENTS ( NONPROFIT)
7TH ANNUAL WOMENS FESTIWAL
FETURING : GIDHA, DANCE, SKITS, SONGS, LIVE DJ AND MUCH MORE
San marco Teeyan
SINGER
JASPINDER RAINA
HOST
JOT RANJIT
ON SUNDAY JULY 14TH 2024
@MEHRAN BANQUET HALL 12 PM TO 6 PM
3841 RAILROAD AVE, PITTSBURG, CA 94565
REFFEL DRAWING FOR GOLD ITEM
AND MORE PRIZES
PHOTO & VIDEOGRAPHY BY
PAL FILMS
Free Entry
Free Parking
GRAND SPONSOR
CHINNA JEWELERS
FOR MORE INFO & PARTICIPATION CALL
SONIA WALIA
925-565-6058
PARAMJIT NOKWAL
925-323-2523
HARPREET SUTTI
925-465-3414

# ਦੋ ਸਾਲਾਂ ਵਿੱਚ ਸਾਡੀ ਸਰਕਾਰ ਅਤੇ ਮੇਰੇ ਕੀਤੇ ਕੰਮ ਦੇਖ ਲਓ ਫੇਰ ਜੋ ਮਰਜ਼ੀ ਫੈਸਲਾ ਕਰੋ: ਮੀਤ ਹੇਅਰ

ਸੰਗਰੂਰ
ਸਾਂਝੀ ਸੋਚ ਬਿਊਰੋ



ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਤੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਚੋਣ ਮੀਟਿੰਗਾਂ ਵਿੱਚ ਮੀਤ ਹੇਅਰ ਚੋਣ ਮੀਟਿੰਗਾਂ ਵਿੱਚ ਪਿਛਲੇ ਦੋ ਸਾਲਾਂ ਵਿੱਚ ਆਪ ਸਰਕਾਰ ਅਤੇ ਕੈਬਨਿਟ ਮੰਤਰੀ ਦੇ ਕਾਰਜਕਾਲ ਵਿੱਚ ਆਪਣੇ ਕੀਤੇ ਕੰਮਾਂ ਦਾ ਰਿਪੋਰਟ ਕਾਰਡ ਸਾਹਮਣੇ ਰੱਖ ਰਹੇ ਹਨ। ਮੀਤ ਹੇਅਰ ਇਹੋ ਕਹਿ ਰਹੇ ਹਨ ਕਿ ਦੋ ਸਾਲਾਂ ਵਿੱਚ ਮਾਨ ਸਰਕਾਰ ਅਤੇ ਉਸ ਕੀਤੇ ਕੰਮ ਦੇਖ ਲਓ, ਫੇਰ ਵੋਟ ਪਾਉਣ ਦਾ ਜਿੱਧਰ ਮਰਜ਼ੀ ਫੈਸਲਾ ਕਰ ਲਓ। ਮੀਤ ਹੇਅਰ ਨੇ ਅੱਜ ਭਦੌੜ ਹਲਕੇ ਦੇ ਪਿੰਡਾਂ ਵਿੱਚ ਭਰਵੀਆਂ ਚੋਣ ਰੈਲੀਆਂ ਨੂੰ ਸੰਬੋਧਨ ਕੀਤਾ ਅਤੇ ਅੱਤ ਦੀ ਗਰਮੀ ਦੇ ਬਾਵਜੂਦ ਪਿੰਡ ਵਾਸੀਆਂ ਦੇ ਵੱਡੇ ਇਕੱਠ ਜੁੜੇ।

ਮੀਤ ਹੇਅਰ ਨੇ ਅੱਜ ਦੇ ਦੌਰੇ ਦੀ ਸ਼ੁਰੂਆਤ ਪਿੰਡ ਧੌਲਾ, ਰੂੜੇਕੇ ਕਲਾਂ, ਧੂਰਕੋਟ, ਪੱਖੋ ਕਲਾਂ, ਤਾਜੋਕੇ, ਢਿੱਲਵਾਂ, ਸੁਖਪੁਰਾ, ਘੁੰਨਸ ਤੋਂ ਕੀਤੀ।ਮੀਤ ਹੇਅਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਮਹਿਜ਼ ਦੋ ਸਾਲਾਂ ਵਿੱਚ ਹਰ ਘਰ ਨੂੰ 600 ਯੂਨਿਟ ਮੁਫਤ ਬਿਜਲੀ, ਆਮ ਆਦਮੀ ਕਲੀਨਿਕ, ਸਕੂਲ ਆਫ ਐਮੀਨੈਂਸ, ਕਿਸਾਨਾਂ ਨੂੰ ਨਿਰੰਤਰ ਤੇ ਨਿਰਵਿਘਨ ਬਿਜਲੀ, ਫਸਲਾਂ ਦਾ ਮੰਡੀਕਰਨ ਤੇ ਕਿਸਾਨਾਂ ਨੂੰ ਤੁਰੰਤ ਭੁਗਤਾਨ, ਤੀਰਥ ਬੱਸ ਯਾਤਰਾ, ਟੋਲ ਪਲਾਜ਼ੇ ਬੰਦ ਕਰਨੇ, 41 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਰੋਜ਼ਗਾਰ, ਸੜਕ ਸੁਰੱਖਿਆ ਫੋਰਸ ਬਣਾਉਣੀ, ਪ੍ਰਾਈਵੇਟ ਥਰਮਲ ਪਲਾਂਟ ਖਰੀਦ ਕੇ ਵੱਡੇ ਕੰਮ ਕੀਤੇ ਹਨ।ਮੀਤ ਹੇਅਰ ਨੇ ਕਿਹਾ ਕਿ ਬਤੌਰ ਕੈਬਨਿਟ ਮੰਤਰੀ ਉਸ ਨੇ ਵਿੱਚ ਖੇਡ ਤੇ ਖਿਡਾਰੀ ਪੱਖੀ ਖੇਡ ਨੀਤੀ ਬਣਾਈ, ਖੇਡ ਨਰਸਰੀਆਂ ਦੀ ਸਥਾਪਨਾ, ਟੇਲਾਂ ਤੱਕ ਪਾਣੀ ਪਹੁੰਚਾਇਆ, ਨਵੀ ਨਹਿਰ ਦੀ ਯੋਜਨਾ ਅਤੇ ਬੰਦ ਪਏ ਖਾਲੀ ਸ਼ੁਰੂ ਕਰਵਾਉਣਾ, ਪੰਜਾਬੀ ਭਾਸ਼ਾ ਨੂੰ ਮਹੱਤਤਾ ਦਿੰਦਿਆਂ ਬੋਰਡਾਂ ਉਪਰ ਪੰਜਾਬੀ ਭਾਸ਼ਾ ਲਿਖਣਾ ਆਦਿ ਪ੍ਰਮੁੱਖ ਕੰਮ ਕੀਤੇ। ਇਸ ਤੋਂ ਇਲਾਵਾ ਪੰਜਾਬ ਯੂਨੀਵਰਸਿਟੀ ਅਤੇ ਚੰਡੀਗੜ੍ਹ ਅਤੇ ਐਸ.ਵਾਈ.ਐਲ. ਦੇ ਹੱਕ ਵਿੱਚ ਦਲੀਲਾਂ ਸਹਿਤ ਡਟ ਕੇ ਪਹਿਰਾ ਦਿੱਤਾ।ਬਰਨਾਲਾ ਹਲਕੇ ਦੇ ਸਾਰੇ ਪਿੰਡਾਂ ਵਿੱਚ ਛੱਪੜਾਂ ਦੇ ਪਾਣੀ ਦੀ ਨਿਕਾਸੀ ਲਈ ਥਾਪਰ ਮਾਡਲ ਉਪਰ ਛੱਪੜਾਂ ਦਾ ਨਵੀਨੀਕਰਨ ਕੀਤਾ ਅਤੇ ਪਿੰਡਾਂ ਵਿੱਚ ਲਾਇਬ੍ਰੇਰੀਆਂ ਦਾ ਸੱਭਿਆਚਾਰ ਪੈਦਾ ਕੀਤਾ।ਭਦੌੜ ਤੋਂ ਐਮ ਐਲ ਏ ਲਾਭ ਸਿੰਘ ਉੱਗੋਕੇ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਪਾਰਲੀਮੈਂਟ ਵਿੱਚ ਭੇਜਣ ਲਈ ਮੀਤ ਹੇਅਰ ਤੋਂ ਵੱਧ ਕੋਈ ਯੋਗ ਉਮੀਦਵਾਰ ਨਹੀਂ। ਸਭ ਤੋਂ ਵੱਡੀ ਗੱਲ ਕਿ ਮੀਤ ਹੇਅਰ ਇਸ ਹਲਕੇ ਦਾ ਰਹਿਣ ਵਾਲਾ ਹੈ।


# ਸਕਾਰਾਤਮਕ ਜੀਵਨ ਸ਼ੈਲੀ ਅਪਣਾ ਕੇ ਹਾਈਪਰਟੈਂਸ਼ਨ ਤੋਂ ਬਚਿਆ ਜਾ ਸਕਦੈ -ਡਾ. ਨਵਜੋਤਪਾਲ ਸਿੰਘ ਭੁੱਲਰ



ਤਪਾ ਮੰਡੀ
ਸਾਂਝੀ ਸੋਚ ਬਿਊਰੋ

ਸਿਵਲ ਸਰਜਨ ਡਾ. ਹਰਿੰਦਰ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅੱਜ ਵਿਸ਼ਵ ਹਾਈਪਰਟੈਂਸ਼ਨ ਦਿਵਸ ਮੌਕੇ ਸਬ ਡਵੀਜ਼ਨਲ ਹਸਪਤਾਲ ਤਪਾ ਵਿਖੇ ਲੋਕਾਂ ਨੂੰ ਹਾਈ ਬਲੱਡ ਪ੍ਰੈਸ਼ਰ ਬਾਰੇ ਜਾਗਰੂਕ ਕੀਤਾ ਗਿਆ ਤੇ ਆਏ ਮਰੀਜ਼ਾਂ ਦਾ ਬਲੱਡ ਪ੍ਰੈਸ਼ਰ ਚੈੱਕ ਕੀਤਾ ਗਿਆ।ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਨਵਜੋਤਪਾਲ ਸਿੰਘ ਭੁੱਲਰ ਨੇ ਕਿਹਾ ਕਿ ਇਸ ਦਿਨ ਦਾ ਮੁੱਖ ਉਦੇਸ਼ ਲੋਕਾਂ ਨੂੰ ਹਾਈਪਰਟੈਂਸ਼ਨ ਜਿਸ ਨੂੰ ਆਮ ਤੌਰ 'ਤੇ ਹਾਈ ਬਲੱਡ ਪ੍ਰੈਸ਼ਰ ਵੀ ਕਿਹਾ ਜਾਂਦਾ ਹੈ, ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ ਹਾਈਪਰਟੈਨਸ਼ਨ ਕਈ ਤਰ੍ਹਾਂ ਦੀਆਂ ਸਿਹਤ ਸਮੱਸਿਆਵਾਂ ਜਿਵੇਂ ਕਿ ਸਟ੍ਰੋਕ, ਦਿਲ ਦੇ ਦੌਰੇ ਅਤੇ ਗੁਰਦੇ ਦੀ ਬਿਮਾਰੀ ਆਦਿ ਦਾ ਮੁੱਖ ਕਾਰਨ ਬਣ ਸਕਦਾ ਹੈ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਲੋਕ ਜੋ ਹਾਈਪਰਟੈਨਸ਼ਨ ਤੋਂ ਪੀੜਤ ਹੁੰਦੇ ਹਨ, ਉਨ੍ਹਾਂ ਨੂੰ ਇਹ ਪਤਾ ਨਹੀਂ ਹੁੰਦਾ ਕਿ ਉਹ ਇਸ ਤੋਂ ਪੀੜਤ ਹਨ।

ਉਨ੍ਹਾਂ ਕਿਹਾ ਕਿ ਦਵਾਈਆਂ ਦੀ ਵਰਤੋਂ ਅਤੇ ਸਕਾਰਾਤਮਕ ਜੀਵਨਸ਼ੈਲੀ ਅਪਣਾ ਕੇ ਇਸ ਦੀ ਰੋਕਥਾਮ ਹੋ ਸਕਦੀ ਹੈ।ਇਸ ਮੌਕੇ ਬਲਾਕ ਐਜੂਕੇਟਰ ਜਸਪਾਲ ਸਿੰਘ ਜਟਾਣਾ ਨੇ ਦੱਸਿਆ ਕਿ ਹਰ ਸਾਲ 17 ਮਈ ਨੂੰ ਵਿਸ਼ਵ ਹਾਈਪਰਟੈਂਸ਼ਨ ਦਿਵਸ ਵਿਸ਼ਵ ਭਰ ਵਿੱਚ ਇਸ ਬਾਰੇ ਜਾਗਰੂਕਤਾ ਪੈਦਾ ਕਰਨ, ਸਥਿਤੀ ਦਾ ਜਲਦੀ ਪਤਾ ਲਗਾਉਣ ਅਤੇ ਸਿਹਤਮੰਦ ਭਵਿੱਖ ਲਈ ਹਾਈ ਬਲੱਡ ਪ੍ਰੈਸ਼ਰ ਦੇ ਪ੍ਰਭਾਵਸ਼ਾਲੀ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਲਈ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹਾਈਪਰਟੈਂਸ਼ਨ ਤੋਂ ਬਚਣ ਲਈ ਰੋਜ਼ਾਨਾ ਅੱਧਾ ਘੰਟਾ ਸੈਰ, ਮੈਡੀਟੇਸ਼ਨ ਅਤੇ ਕਸਰਤ ਕਰਨੀ ਚਾਹੀਦੀ ਹੈ ਤੇ ਨਮਕ ਅਤੇ ਤਲੀਆਂ ਹੋਈਆਂ ਚੀਜ਼ਾਂ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਵਿਸ਼ਵ ਹਾਈਪਰਟੈਨਸ਼ਨ ਦਿਵਸ ਦਾ ਇਸ ਸਾਲ ਦਾ ਵਿਸ਼ਾ "ਆਪਣੇ ਬਲੱਡ ਪਰੈਸ਼ਰ ਨੂੰ ਸਹੀ ਢੰਗ ਨਾਲ ਮਾਪੋ, ਇਸ ਨੂੰ ਨਿਯੰਤਰਣ ਕਰੋ, ਲੰਬੇ ਸਮੇਂ ਤੱਕ ਜੀਓ" ਹੈ। ਇਸ ਵਿਸ਼ੇ ਦਾ ਉਦੇਸ਼ ਬਲੱਡ ਪ੍ਰੈਸ਼ਰ ਦੇ ਸਹੀ ਮਾਪ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ।





VOTE & SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
SATBIR SINGH HEER

ARES REALTY
Residential | Commercial | Investment

# Thinking Of Selling Or Buying A Home ?



## ਘਰ ਜਾਂ Business ਵੇਚਣਾ ਜਾਂ ਖਰੀਦਣਾ ਹੋਵੇ

**Residential | Commercial | Industrial | Raw land**

**ਜਿਵੇਂ :Farm House ,Liquor Stores ,Gas Stations ਹਰ ਤਰ੍ਹਾਂ ਦੇ Apartments, Buildings Car Wash, Truck Wash ਜਾਂ Gas Pumps ਵਰਗੀਆਂ ਪ੍ਰੋਪਰਟੀਜ਼**

**ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਮਿਲੋ - ARES REALTY**

Broker | Realtor | Mortgage Loan Originator : Tony Singh : (916) 519-7009 License ID: 01901843

| REALTOR | Jassi Avtar : | Alex Singh : | Rupinder Dhaliwal ( Ruby ): | Amarbir Takhar : | Harpreet Singh : | Roseleen Kumar : |
|---|---|---|---|---|---|---|
| | (916) 335-3760 | (916) 582-4394 | (916) 764-2859 | (209) 277-9200 | (510) 589-8409 | (916)802-4833 |
| | License ID: 02192444 | License ID: 02191925 | License ID: 01461487 | License ID: 02225690 | License ID: 02194943 | License ID: 02028063 |

OFFICE MANAGER | MARKETING DIRECTOR Sadie EL Ibrahimi : (916)-829-4200 | E-FAX : (916) 367-6756

# TRS Constructions

ਘਰ ਵੇਚਣਾ ਹੋਵੇ, ਖ਼ਰੀਦਣਾ ਹੋਵੇ ਜਾਂ ਹੋਣ ਵਾਲੀ ਹੈ ਤੁਹਾਡੇ ਘਰ ਦੀ ਮੁਰੰਮਤ

**ਅਸੀਂ ਘਰ ਦੀ ਸਾਰੀ Repair ਤੇ Re -Modelling ਕਰਦੇ ਹਾਂ | Without Any Money Out Of Your Pocket**

ਤੁਸੀਂ ਇੱਕ ਵੀ ਪੈਸਾ ਨਹੀਂ ਦਿਓਗੇ TRS Constructions ਨੂੰ ਤੁਹਾਡੀ Sale ਦੇ ਵਿੱਚੋਂ Pay ਹੋ ਜਾਣਗੇ

ਵਧੇਰੇ ਜਾਣਕਾਰੀ ਜਾਂ ਕਿਸੇ ਵੀ ਤਰ੍ਹਾਂ ਦੀ Quiry ਲਈ ਕਾਲ : Tony Singh : (916) 519-7009 Loan Contractor
License ID: 01901843

# PAL FILMS & PHOTO BOOKS

*All Your Photo/Videography & Post Production needs Under One Roof*






Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

**Email: palfilms@yahoo.com, palfilms925@gmail.com, www.palfilms.com**

**4007 Railroad Ave
Pittsburgh, CA 94565**




ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ

ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ

Our Locations :-

Delhi | Merced | Madera | Santa Nella
Tracy | San Fransisco | Corning

Old Truck Stop Gemco Ripon Next to Flying J, Santos Ave ਦੇ ਉੱਤੇ



Find nearest Location & Hours

Call at 1800-405-9274 or visit our website for credit application to open credit account with our company

ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ

Tire Shop, Repair Shop, Oil & Lube Shop available on our locations

Website:- www.aaatruckwash.com

ਸੱਦਾ ਪੱਤਰ

# ਪੰਜਾਬੀ ਸਾਹਿਤ ਸਭਾ ਕੈਲੀਫੋਰਨੀਆ (ਰਜਿ.)

ਸੈਕਰਾਮੈਂਟੋ/ਯੂਬਾ ਸਿਟੀ

ਵੱਲੋਂ 20ਵੀਂ

## ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ

**ਮਈ 19, ਐਤਵਾਰ, 2024, ਸਵੇਰੇ 9 ਵਜੇ ਤੋਂ 6 ਵਜੇ ਤੱਕ**

**ਸਥਾਨ : Pooja Restaurant, 1223 Merkely Ave. West Sacramento, 95691**

**ਪ੍ਰੋਗਰਾਮ**

- ਉਦਘਾਟਨ : 9.00 ਵਜੇ ਸਵੇਰੇ
- ਕਵੀ ਸੰਮੇਲਨ : 11.00 ਵਜੇ
- ਦੁਪਹਿਰ ਦਾ ਖਾਣਾ : 1.30 ਵਜੇ
- ਪੰਜਾਬੀ ਸਾਹਿਤ ਵਿਚਾਰ ਵਟਾਂਦਰਾ : 2.00 ਵਜੇ
- ਗੀਤ ਸੰਗੀਤ : 5.00 ਵਜੇ ਸ਼ਾਮ

ਆਪ ਜੀ ਨੂੰ ਬੇਨਤੀ ਹੈ ਕਿ ਪੰਜਾਬੀ ਸਾਹਿਤ ਸਭਾ ਕੈਲੀਫੋਰਨੀਆ ਦੀ 20ਵੀਂ ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ ਮਿਤੀ 19 ਮਈ, 2024 ਨੂੰ ਹੋ ਰਹੀ ਹੈ। ਇਸ ਮੌਕੇ ਪੰਜਾਬੀ ਸਾਹਿਤ ਬਾਰੇ ਪਰਚੇ ਪੜ੍ਹੇ ਜਾਣਗੇ। ਕਵੀ ਸੰਮੇਲਨ ਹੋਵੇਗਾ। ਪੰਜਾਬੀ ਮਾਂ ਬੋਲੀ ਬਾਰੇ ਵਿਚਾਰ ਚਰਚਾ ਹੋਵੇਗੀ। ਇਸ ਤੋਂ ਇਲਾਵਾ ਗੀਤ-ਸੰਗੀਤ ਹੋਵੇਗਾ। ਆਪ ਜੀ ਨੂੰ ਬੇਨਤੀ ਹੈ ਕਿ ਆਪ ਇਸ ਮੌਕੇ ਪਹੁੰਚ ਕੇ ਕਾਨਫਰੰਸ ਦੀ ਰੌਣਕ ਨੂੰ ਵਧਾਉ।

**ਦਲਵੀਰ 'ਦਿਲ' ਨਿੱਜਰ**
ਪ੍ਰਧਾਨ
916-628-2210

ਉਡੀਕਵਾਨ :
**ਸਮੁੱਚੀ ਪੰਜਾਬੀ ਸਾਹਿਤ ਸਭਾ, ਕੈਲੀਫੋਰਨੀਆ**

**ਗੁਰਜਤਿੰਦਰ ਸਿੰਘ ਰੰਧਾਵਾ**
ਜਨਰਲ ਸਕੱਤਰ
916-320-9444

---

*Invitation by*

# Punjabi Sahit Sabha, California

*Sacramento/Yuba City*

*20th*

## *International Punjabi Conference*

***Place:* *Pooja Restaurant, 1223 Merkely Ave. West Sacramento, 95691***

***Programme***

- Opening Ceremony: 9am
- Poetry (Kavi Sammelan): 11am
- Lunch: 1:30pm
- Discussions on Punjabi Language: 2pm
- Cultural Program: 5pm onwards.

You are cordially Invited to the International 20th Punjabi Conference of Punjabi Sahit Sabha, California to be held on May 19, 2024. Scholars of Punjabi Language and Literature will present their papers. There will be a poetry session, discussions and a Musical night. We hope you will grace the occasion with your presence.

**Dalvir 'Dil' Nijjar**
President
916-628-2210

*With Best Complements from*
*All Members*
*Punjabi Sahit Sabha, California*

**Gurjatinder Singh Randhawa**
General Secretary
916-320-9444


ਸੰਤ ਜਰਨੈਲ ਸਿੰਘ ਭਿੰਡਰਾਂਵਾਲੇ
ਜਨਰਲ ਸੁਬੇਗ ਸਿੰਘ
ਭਾਈ ਅਮਰੀਕ ਸਿੰਘ
ਸ਼ਹੀਦ ਭਾਈ ਦੀਪ ਸਿੱਧੂ
VOTE & SUPPORT
ਹਲਕਾ ਸੰਗਰੂਰ
ਹਲਕਾ ਖਡੂਰ ਸਾਹਿਬ
ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ
ਸਿਮਰਨਜੀਤ ਸਿੰਘ ਮਾਨ
ਭਾਈ ਅੰਮ੍ਰਿਤਪਾਲ ਸਿੰਘ
ਜਾਰੀ ਕਰਤਾ
JB TYRES INC
24/7 MOBILE REPAIR
TRUCK AND TRAILER
• NEW / USED TYRES • BRAKES • HUBS SEAL • OIL CHANGE
TEL: 337-513-3544 1651 FAIRVIEW DR. CERES. CA 95307
MAHABIR SINGH
JOBANPREET SINGH



SANJHI SOCH
ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

# ਸੋਸ਼ਲ ਮੀਡੀਆ ਪਲੇਟਫਾਰਮ ਵਰਚੁਅਲ ਲੜਾਈ ਦੇ ਮੈਦਾਨ ਬਣ ਗਏ ਹਨ

ਸੋਸ਼ਲ ਮੀਡੀਆ ਦੇ ਦਬਦਬੇ ਵਾਲੇ ਯੁੱਗ ਵਿੱਚ, ਆਪਣੇ ਆਪ ਨੂੰ ਸਥਾਈ ਗੰਭੀਰਤਾ ਦੇ ਚੱਕਰ ਵਿੱਚ ਫਸਣਾ ਆਸਾਨ ਹੈ। ਭਾਵੇਂ ਇਹ ਸਾਡੇ ਔਨਲਾਈਨ ਵਿਅਕਤੀਆਂ ਵਿੱਚ ਸੰਪੂਰਨਤਾ ਦੀ ਨਿਰੰਤਰ ਕੋਸ਼ਿਸ਼ ਹੋਵੇ ਜਾਂ ਵੰਡਣ ਵਾਲੀਆਂ ਬਹਿਸਾਂ ਵਿੱਚ ਉਤਸ਼ਾਹੀ ਸ਼ਮੂਲੀਅਤ ਹੋਵੇ, ਡਿਜੀਟਲ ਲੈਂਡਸਕੇਪ ਅਕਸਰ ਤਣਾਅ ਅਤੇ ਚਿੰਤਾ ਦੇ ਮਾਹੌਲ ਨੂੰ ਉਤਸ਼ਾਹਿਤ ਕਰਦਾ ਹੈ। ਹਾਲਾਂਕਿ, ਗੰਭੀਰਤਾ ਦੇ ਇਸ ਤੂਫਾਨ ਦੇ ਵਿਚਕਾਰ, ਹਲਕੇਪਨ ਨੂੰ ਗਲੇ ਲਗਾਉਣ ਅਤੇ ਹਰ ਚੀਜ਼ ਨੂੰ ਇੰਨੀ ਗੰਭੀਰਤਾ ਨਾਲ ਲੈਣ ਦੇ ਬੋਝ ਨੂੰ ਤਿਆਗਣ ਲਈ ਇੱਕ ਮਜਬੂਰ ਕਰਨ ਵਾਲੀ ਦਲੀਲ ਹੈ।



ਸੋਸ਼ਲ ਮੀਡੀਆ ਪਲੇਟਫਾਰਮ ਵਰਚੁਅਲ ਲੜਾਈ ਦੇ ਮੈਦਾਨ ਬਣ ਗਏ ਹਨ ਜਿੱਥੇ ਹਰ ਪੋਸਟ, ਟਿੱਪਣੀ ਅਤੇ ਪਰਸਪਰ ਪ੍ਰਭਾਵ ਦੀ ਜਾਂਚ ਕੀਤੀ ਜਾਂਦੀ ਹੈ ਅਤੇ ਵੱਖ ਕੀਤਾ ਜਾਂਦਾ ਹੈ। ਇਸ ਹਾਈਪਰ-ਕਨੈਕਟਡ ਸੰਸਾਰ ਵਿੱਚ, ਪ੍ਰਮਾਣਿਕਤਾ ਅਤੇ ਪ੍ਰਵਾਨਗੀ ਦੀ ਖੋਜ ਵਿੱਚ ਫਸਣਾ ਬਹੁਤ ਆਸਾਨ ਹੈ, ਸਾਡੇ ਦੁਆਰਾ ਇਕੱਤਰ ਕੀਤੇ ਗਏ ਪਸੰਦਾਂ ਅਤੇ ਅਨੁਯਾਈਆਂ ਦੀ ਸੰਖਿਆ ਦੁਆਰਾ ਸਾਡੀ ਕੀਮਤ ਨੂੰ ਮਾਪਣਾ। ਪਰ ਉਦੋਂ ਕੀ ਜੇ ਅਸੀਂ ਪ੍ਰਮਾਣਿਕਤਾ ਦੀ ਮੰਗ ਕਰਨ ਵਾਲੇ ਵਿਵਹਾਰ ਦੇ ਇਸ ਚੱਕਰ ਤੋਂ ਮੁਕਤ ਹੋਣ ਦੀ ਹਿੰਮਤ ਕਰੀਏ? ਉਦੋਂ ਕੀ ਜੇ ਅਸੀਂ ਆਪਣੀਆਂ ਔਨਲਾਈਨ ਪਰਸਪਰ ਕ੍ਰਿਆਵਾਂ ਵਿੱਚ ਆਪਣੇ ਆਪ ਨੂੰ ਥੋੜਾ ਹੋਰ ਲਾਪਰਵਾਹ ਅਤੇ ਸਨਕੀ ਬਣਨ ਦਿੰਦੇ ਹਾਂ?

ਸੱਚਾਈ ਇਹ ਹੈ ਕਿ ਸੋਸ਼ਲ ਮੀਡੀਆ 'ਤੇ ਚੀਜ਼ਾਂ ਨੂੰ ਬਹੁਤ ਗੰਭੀਰਤਾ ਨਾਲ ਲੈਣ ਨਾਲ ਸਾਡੀ ਮਾਨਸਿਕ ਸਿਹਤ ਅਤੇ ਸਮੁੱਚੀ ਤੰਦਰੁਸਤੀ 'ਤੇ ਨੁਕਸਾਨਦੇਹ ਪ੍ਰਭਾਵ ਪੈ ਸਕਦੇ ਹਨ। ਲਗਾਤਾਰ ਦੂਜਿਆਂ ਨਾਲ ਆਪਣੀ ਤੁਲਨਾ ਕਰਨਾ, ਗਰਮ ਦਲੀਲਾਂ ਵਿੱਚ ਸ਼ਾਮਲ ਹੋਣਾ, ਜਾਂ ਸੰਪੂਰਣ ਫਿਲਟਰ ਨੂੰ ਲੈ ਕੇ ਘਬਰਾਹਟ ਸਾਨੂੰ ਨਿਕੰਮਾ, ਚਿੰਤਤ ਅਤੇ ਅਸੰਤੁਸ਼ਟ ਮਹਿਸੂਸ ਕਰ ਸਕਦੀ ਹੈ। ਅਸਲ ਸਬੰਧਾਂ ਨੂੰ ਉਤਸ਼ਾਹਿਤ ਕਰਨ ਅਤੇ ਭਾਈਚਾਰੇ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਦੀ ਬਜਾਏ, ਸੋਸ਼ਲ ਮੀਡੀਆ ਅਕਸਰ ਅਯੋਗਤਾ ਅਤੇ ਅਲੱਗ-ਥਲੱਗਤਾ ਦੀਆਂ ਭਾਵਨਾਵਾਂ ਨੂੰ ਵਧਾਉਂਦਾ ਹੈ। ਇਹ ਇਸ ਧਾਰਨਾ ਨੂੰ ਚੁਣੌਤੀ ਦੇਣ ਦਾ ਸਮਾਂ ਹੈ ਕਿ ਗੰਭੀਰਤਾ ਸਫਲਤਾ ਜਾਂ ਬੁੱਧੀ ਦਾ ਸਮਾਨਾਰਥੀ ਹੈ।

ਵਾਸਤਵ ਵਿੱਚ, ਖੋਜ ਸੁਝਾਅ ਦਿੰਦੀ ਹੈ ਕਿ ਸਾਡੀ ਜ਼ਿੰਦਗੀ ਵਿੱਚ ਹਾਸੇ-ਮਜ਼ਾਕ ਅਤੇ ਹਲਕੇ ਦਿਲ ਨੂੰ ਸ਼ਾਮਲ ਕਰਨ ਨਾਲ ਸਾਡੀ ਮਾਨਸਿਕ ਸਿਹਤ ਲਈ ਬਹੁਤ ਸਾਰੇ ਲਾਭ ਹੋ ਸਕਦੇ ਹਨ। ਹਾਸਾ ਤਣਾਅ ਘਟਾਉਣ, ਮੂਡ ਨੂੰ ਵਧਾਉਣ ਅਤੇ ਸਮਾਜਿਕ ਬੰਧਨਾਂ ਨੂੰ ਮਜ਼ਬੂਤ ਕਰਨ ਲਈ ਦਿਖਾਇਆ ਗਿਆ ਹੈ। ਸਾਡੀਆਂ ਔਨਲਾਈਨ ਪਰਸਪਰ ਕ੍ਰਿਆਵਾਂ ਵਿੱਚ ਥੋੜਾ ਜਿਹਾ ਲੀਵਤਾ ਪਾ ਕੇ, ਅਸੀਂ ਆਪਣੇ ਲਈ ਅਤੇ ਦੂਜਿਆਂ ਲਈ ਇੱਕ ਹੋਰ ਸਕਾਰਾਤਮਕ ਅਤੇ ਭਰਪੂਰ ਡਿਜੀਟਲ ਵਾਤਾਵਰਣ ਬਣਾ ਸਕਦੇ ਹਾਂ।

ਅਤੇ ਹਲਕੇਪਨ ਨੂੰ ਗਲੇ ਲਗਾਉਣ ਦਾ ਮਤਲਬ ਮਹੱਤਵਪੂਰਨ ਮੁੱਦਿਆਂ ਨੂੰ ਖਾਰਜ ਕਰਨਾ ਜਾਂ ਅਸਲ ਚਿੰਤਾਵਾਂ ਨੂੰ ਮਾਮੂਲੀ ਬਣਾਉਣਾ ਨਹੀਂ ਹੈ। ਇਹ ਈਮਾਨਦਾਰੀ ਅਤੇ ਚੰਚਲਤਾ ਵਿਚਕਾਰ ਸੰਤੁਲਨ ਕਾਇਮ ਕਰਨ ਬਾਰੇ ਹੈ, ਇਹ ਮੰਨਣਾ ਕਿ ਆਪਣੇ ਆਪ 'ਤੇ ਹੱਸਣਾ ਠੀਕ ਹੈ ਅਤੇ ਹਰ ਛੋਟੀ ਜਿਹੀ ਗੱਲ ਨੂੰ ਇੰਨੀ ਗੰਭੀਰਤਾ ਨਾਲ ਨਾ ਲੈਣਾ ਆਖ਼ਰਕਾਰ, ਜੀਵਨ ਬਹੁਤ ਛੋਟੀ ਹੈ ਜਿਸਨੂੰ ਇੱਕ ਸਦੀਵੀ ਗੰਭੀਰਤਾ ਦੀ ਅਵਸਥਾ ਵਿੱਚ ਬਿਤਾਇਆ ਜਾ ਸਕਦਾ ਹੈ।









# GINNY BEDI LAW PC



Ginny Bedi Attorney

- ★ Immigration
- ★ Divorce
- ★ Custody and Support issues
- ★ Business Disputes
- ★ Living Trusts
- ★ Criminal Matters
- ★ Misdemeanors
- ★ DUI

ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।

255 N Market St Ste 150 San Jose CA 95110

Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com


VOTE
&
SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
BHUPINDER SINGH JADLA

# ਪੁਲਿਸ ਅਤੇ ਚੋਰ



ਇੱਕ ਵਾਰ ਦੀ ਗੱਲ ਹੈ। ਵਿਸਾਖੀ ਦਾ ਤਿਓਹਾਰ ਸੀ। ਮੇਲੇ ਵਿੱਚ ਦੁਕਾਨਾਂ ਅਤੇ ਝੂਲੇ ਵੀ ਲੱਗੇ ਸਨ। ਕਈ ਚੋਰ ਉੱਥੇ ਘੁੰਮ ਰਹੇ ਸਨ। ਉਹਨਾਂ ਚੋਰਾਂ ਨੇ ਲੋਕਾਂ ਦੀਆਂ ਜੇਬਾਂ ਕੱਟ ਕੇ ਉਹਨਾਂ ਦੇ ਪੈਸੇ ਲੈ ਲਏ। ਫਿਰ ਲੋਕਾਂ ਨੇ ਰੌਲਾ ਪਾ ਦਿੱਤਾ। ਉਹਨਾਂ ਨੇ ' ਚੋਰ – ਚੋਰ ' ਕਿਹਾ ਤੇ ਸਾਰੇ ਇਕੱਠੇ ਹੋ ਗਏ। ਫਿਰ ਇੱਕ ਲੜਕੀ ਨੇ ਪੁਲਿਸ ਨੂੰ ਫੋਨ ਕਰ ਦਿੱਤਾ। ਥੋੜ੍ਹੀ ਦੇਰ ਬਾਅਦ ਉੱਥੇ ਪੁਲਿਸ ਆ ਗਈ। ਪੁਲਿਸ ਨੇ ਚੋਰਾਂ ਨੂੰ ਫੜ ਲਿਆ।

ਸਿੱਖਿਆ – ਇਸ ਕਹਾਣੀ ਤੋਂ ਇਹ ਸਿੱਖਿਆ ਮਿਲਦੀ ਹੈ ਕਿ ਸਾਨੂੰ ਚੋਰੀ ਨਹੀਂ ਕਰਨੀ ਚਾਹੀਦੀ ਅਤੇ ਮੇਲੇ ਵਿੱਚ ਪੈਸੇ ਵੀ ਘੱਟ ਲੈ ਕੇ ਜਾਣੇ ਚਾਹੀਦੇ ਹਨ।



**ਨਵਦੀਪ ਕੌਰ, ਜਮਾਤ ਪੰਜਵੀਂ**
**ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਗੰਭੀਰਪੁਰ ਲੋਅਰ, ਜਿਲ੍ਹਾ ਰੂਪਨਗਰ,**
**ਗਾਈਡ ਅਧਿਆਪਕ**
**ਮਾਸਟਰ ਸੰਜੀਵ ਧਰਮਾਣੀ**
**9478561356**

# ਹਕੀਕਤ

*–ਦੰਗਈਆਂ ਦਾ ਕੋਈ ਧਰਮ ਨਹੀਂ ਹੁੰਦਾ ਪਰ ਉਨਾਂ ਦੀ ਰਾਜਨੀਤਕ ਪਾਰਟੀ ਜ਼ਰੂਰ ਹੁੰਦੀ ਹੈ।

*–ਧੀਆਂ ਦੀ ਡੋਲੀ ਤੋਰ ਕੇ ਮਾਂ ਦਾ ਘਰ ਸੁੰਨਾ ਹੋ ਜਾਂਦਾ ਹੈ, ਮਾਂ ਦੀ ਅਰਥੀ ਤੋਰ ਕੇ ਧੀਆਂ ਦੀ ਦੁਨੀਆਂ ਹੀ ਉੱਜੜ ਜਾਂਦੀ ਹੈ।

*–ਕੋਈ ਤੱਕੜੀ ਨਹੀਂ ਹੁੰਦੀ ਰਿਸ਼ਤਿਆਂ ਦਾ ਵਜ਼ਨ ਤੋਲਣ ਲਈ, ਸਿਰਫ਼ ਪਰਵਾਹ ਤੋਂ ਪਤਾ ਲੱਗਦਾ ਹੈ ਕਿ ਪੱਲੜਾ ਫਿਕਰ ਦਾ ਭਾਰਾ ਹੈ ਜਾਂ ਫਿਰ ਮਤਲਬ ਦਾ।

*–ਕੁੱਝ ਸਿੱਖ ਪ੍ਰਚਾਰਕਾਂ ਤੇ ਆਗੂਆਂ ਵਿੱਚੋਂ ਮਰ ਚੁੱਕੀ ਕੌਮੀਅਤ ਦੀ ਇਸ ਤੋਂ ਵੱਡੀ ਨਿਸ਼ਾਨੀ ਕੀ ਹੋ ਸਕਦੀ ਹੈ ਜਦੋਂ ਆਰ ਐਸ ਐਸ ਹਿੰਦੂ ਰਾਸ਼ਟਰ ਦੀ ਗੱਲ ਕਰੇ ਤਾਂ ਚੁੱਪ, ਜੇ ਕੋਈ ਸਿੱਖ ਆਗੂ ਕੌਮੀ ਹਿੱਤਾਂ ਦੀ ਭਾਵ ਕੇ ਖਾਲਸਤਾਨ ਦੀ ਗੱਲ ਕਰੇ ਤਾਂ ਚੀਕਾਂ ਮਾਰਨ ਲਗ ਜਾਂਦੇ ਹਨ।

*–ਦੁਨੀਆਂ ਉਹ ਕਿਤਾਬ ਹੈ ਜੋ ਕਦੇ ਪੜ੍ਹੀ ਨਹੀਂ ਜਾ ਸਕਦੀ ਪਰ ਜ਼ਮਾਨਾ ਉਹ ਉਸਤਾਦ ਹੈ ਜੋ ਸਭ ਕੁਝ ਸਿਖਾ ਦਿੰਦਾ ਹੈ।

*–ਪੰਜਾਬ ਵਾਸੀਓ ਲਕੀਰ ਖਿੱਚ ਕੇ ਇੱਕ ਪਾਸੇ ਹੋਣ ਦਾ ਫੈਸਲਾ ਕਰੋ 1–ਬੋਲੇ ਸੋ ਨਿਹਾਲ–ਸਤਿ ਸ੍ਰੀ ਅਕਾਲ 2–ਇੰਨਕਲਾਬ–ਜ਼ਿੰਦਾਬਾਦ।

*–ਗੱਲ ਸੁਣੋ ਉਏ, ਸਿੱਖਾਂ ਦੇ ਬਾਰਾਂ ਵਜਣ ਦੇ ਚਟਕਾਰੇ ਲੈਣ ਵਾਲਿਓ ਦਿਲੀ ਦੇ ਦਲਿਓ, ਜਦੋਂ ਸਿੱਖਾਂ ਦੇ ਜਾਂ ਸਿੰਘਾਂ ਦੇ ਬਾਰਾਂ ਵਜਦੇ ਸੀ ਉਦੋਂ ਇਹ ਸਾਡੇ ਵਡ ਵਡੇਰੇ ਤੁਹਾਡੀਆਂ ਮਾਵਾਂ ਧੀਆਂ ਭੈਣਾਂ ਨੂੰ ਮੁਗਲਾਂ ਦੀ ਹਵਸ਼ ਦਾ ਸ਼ਿਕਾਰ ਹੋਣ ਤੋਂ ਵਚਾ ਕੇ ਲਿਆਉਂਦੇ ਸੀ। ਛਰਮ ਕਰੋ ਕੁੱਝ ਤੁਸੀਂ, ਸਿੱਖਾਂ ਦੇ ਬਾਰਾਂ ਵਜਣ ਤੇ ਨਹੀਂ ਹਸ ਰਹੇ ਹੁੰਦੇ ਤੁਸੀਂ ਆਪਣੇ ਨਾਮਰਦ ਸਮਾਜ ਤੇ ਹਸ ਰਹੇ ਹੁੰਦੇ ਹੋ ਜੋ ਖੁੱਦ ਆਪਣੀਆਂ ਮਾਵਾਂ ਧੀਆਂ ਭੈਣਾਂ ਦੀਆਂ ਇਜ਼ਤਾਂ ਵਚਾ ਨਹੀਂ ਸਕੇ, ਤੁਸੀਂ ਹਸ ਰਹੇ ਹੁੰਦੇ ਹੋ ਇਹ ਦੇਖ ਪੜ੍ਹ ਸੁਣ ਕੇ ਮੁਗਲ ਕਿਵੇਂ ਤੁਹਾਡੀਆਂ ਮਾਵਾਂ ਧੀਆਂ ਭੈਣਾਂ ਨਾਲ ਆਪਣੀ ਹਵਸ਼ ਦੀ ਅੱਗ ਠੰਡੀ ਕਰ ਰਹੇ ਹੁੰਦੇ ਨੇ।

*–ਕਰਮਾਂ ਨਾਲ ਬਣਦਾ ਹੈ ਕਿਸੇ ਦੇ ਦਿਲ ਵਿਚ ਘਰ, ਆਲਣੇ ਤਾਂ ਪੰਛੀ ਵੀ ਥਾਂ ਥਾਂ ਤੇ ਪਾ ਲੈਂਦੇ ਨੇ।



**Paramjit Singh Sekhon (Dakha)**
President, Dal Khalsa Alliance
1700 Shattuck Ave, # 303 Berkeley CA 94709. (510)774 5909.
*A Nonprofit Organization Dedicated to Public Awareness*



# JK TYRE INC

## JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES | GOODYEAR | KELLY TIRES | BARKLEY Feel the difference | PIRELLI
MICHELIN A better way forward | BRIDGESTONE | Firestone | YOKOHAMA
PEARLY | NAMA | TOYO TIRES driven to perform | Continental | DUNLOP TIRES

# S. Singh Cell: (510) 766-9382

## 2955 N. Wilson Way Stockton , CA 95205


GLOBAL DEFENCE SCHOOL PATIALA
GLOBAL DEFENCE SCHOOL
AIM FOR EXCELLENCE
A Unique Boarding School Of Patiala with Largest Campus
GLOBAL DEFENCE SCHOOL
Choose to shine LIKE THE RISING SUN.
ADMISSIONS OPEN
SESSION 2024-25
Nursery to 7th
CBSE PATTERN
" THE BEST CHOICE FOR YOUR KIDS"
Enroll Now
Day Cum Residential School
+91 9872601534, +91 9023433311
admission@globaldefenceschool.com
Nabha-Patiala Road, Rakhra Pincode 147201

ਹਿੰਦੀ ਮਿੰਨੀ ਕਹਾਣੀ

# ਅਗਾਂਹਵਧੂ ਸੋਚ



ਰਿਤੇਸ਼ ਆਪਣੀ ਨਵ-ਵਿਆਹੀ ਵਹੁਟੀ ਨਾਲ ਘਰ ਦੇ ਦਰਵਾਜ਼ੇ ਤੇ ਖੜ੍ਹਾ ਸੀ। ਮਾਲਤੀ ਆਪਣੀ ਬਦਸ਼ਗਨੀ ਦਾ ਪਰਛਾਵਾਂ ਬਹੂ-ਬੇਟੇ ਤੇ ਨਹੀਂ ਪੈਣ ਦੇਣਾ ਚਾਹੁੰਦੀ ਸੀ। ਇਸਲਈ ਉਹ ਘਰ ਦੇ ਮੁੱਖ ਦਰਵਾਜ਼ੇ ਤੇ ਨਾ ਆਈ। ਵਹੁਟੀ ਨੇ ਜਦੋਂ ਨਜ਼ਰ ਚੁੱਕ ਕੇ ਏਧਰ ਓਧਰ ਵੇਖਿਆ ਤਾਂ ਉਹਨੂੰ ਆਪਣੀ ਸੱਸ ਕਿਤੇ ਵਿਖਾਈ ਨਾ ਦਿੱਤੀ।

ਉਹਨੇ ਝੱਟ ਆਪਣੇ ਪਤੀ ਰਿਤੇਸ਼ ਤੋਂ ਪੁੱਛਿਆ, "ਕੀ ਮਾਂ ਜੀ ਸਾਡੇ ਵਿਆਹ ਤੋਂ ਖੁਸ਼ ਨਹੀਂ? ਉਹ ਸਾਡਾ ਸਵਾਗਤ ਕਰਨ ਕਿਉਂ ਨਹੀਂ ਆਏ?" "ਓ... ਨਹੀਂ ਬਹੂ...ਤੇਰੀ ਸੱਸ ਤਾਂ ਬਹੁਤ ਖੁਸ਼ ਹੈ। ਤੈਨੂੰ ਤਾਂ ਪਤਾ ਹੀ ਹੈ ਬਹੂ, ਤੇਰੀ ਸੱਸ ਵਿਧਵਾ ਹੈ ਤੇ ਵਿਧਵਾ ਦਾ ਸ਼ੁਭ ਕੰਮ ਵਿੱਚ ਸ਼ਾਮਲ ਹੋਣਾ ਚੰਗਾ ਨਹੀਂ ਸਮਝਿਆ ਜਾਂਦਾ।" ਚਾਚੀ ਸੱਸ ਬੋਲੀ।

"ਇਹ ਕੀ ਗੱਲ ਹੋਈ? ਮਾਂ ਤਾਂ ਮਾਂ ਹੁੰਦੀ ਹੈ, ਵਿਧਵਾ ਜਾਂ ਸੁਹਾਗਣ ਨਹੀਂ। ਜਦੋਂ ਤੱਕ ਮਾਂ ਜੀ ਨਹੀਂ ਆਉਣਗੇ, ਅਸੀਂ ਘਰ-ਪ੍ਰਵੇਸ਼ ਨਹੀਂ ਕਰਾਂਗੇ।" ਬਹੂ ਆਪਣੀ ਗੱਲ ਤੇ ਅਡੋਲ ਜਾਪੀ। ਰਿਤੇਸ਼ ਜਿਵੇਂ ਨੀਂਦ ਤੋਂ ਜਾਗਿਆ ਹੋਵੇ, ਉਹ ਵੀ ਬੋਲਿਆ, "ਹਾਂ, ਤੂੰ ਠੀਕ ਕਹਿ ਰਹੀ ਹੈਂ। ਜਦੋਂ ਤੱਕ ਮਾਂ ਨਹੀਂ ਆਵੇਗੀ, ਅਸੀਂ ਦਰਵਾਜ਼ੇ ਤੇ ਹੀ ਖੜ੍ਹੇ ਰਹਾਂਗੇ।"

ਕੁਝ ਔਰਤਾਂ ਝੱਟ ਮਾਲਤੀ ਨੂੰ ਉਹਦੇ ਕਮਰੇ 'ਚੋਂ ਲੈ ਆਈਆਂ। ਬਹੂ ਦੀ ਗੱਲ ਜਦੋਂ ਉਹਦੇ ਕੰਨੀਂ ਪਈ ਤਾਂ ਉਹਦੀਆਂ ਅੱਖਾਂ ਭਰ ਆਈਆਂ। ਘਰ ਦੇ ਪ੍ਰਵੇਸ਼-ਦਰਵਾਜ਼ੇ ਤੇ ਆ ਕੇ ਮਾਲਤੀ ਨੇ ਆਪਣੇ ਬਹੂ-ਬੇਟੇ ਨੂੰ ਗਲੇ ਲਾ ਕੇ ਸਵਾਗਤ ਕੀਤਾ। ਦੋਹਾਂ ਦੀ ਆਰਤੀ ਉਤਾਰੀ। ਉੱਥੇ ਖੜ੍ਹੇ ਲੋਕ ਵੀ ਭਾਵਕ ਹੋ ਗਏ। ਨਵੀਂ ਬਹੂ ਨੂੰ ਢੇਰ ਦੁਆਵਾਂ ਦਿੱਤੀਆਂ। ਮਾਲਤੀ ਨੂੰ ਆਪਣੀ ਬਹੂ ਤੇ ਬਹੁਤ ਮਾਣ ਮਹਿਸੂਸ ਹੋ ਰਿਹਾ ਸੀ। ਉਹ ਖ਼ੁਦ ਨੂੰ ਖ਼ੁਸ਼ਕਿਸਮਤ ਸਮਝ ਰਹੀ ਸੀ ਕਿ ਉਹਨੂੰ ਅਗਾਂਹਵਧੂ ਸੋਚ ਵਾਲੀ, ਪਰੰਪਰਾ ਨੂੰ ਤੋੜਨ ਵਾਲੀ ਬਹੂ ਮਿਲੀ ਹੈ।

*****

**ਮੂਲ : ਸ਼ੀਲਾ ਸ਼੍ਰੀਵਾਸਤਵ, ਇੰਦੌਰ (ਮੱਧਪ੍ਰਦੇਸ਼)**



ARES LENDING

Residential | Commercial | Investment



# ਆਪਣਾ ਘਰ Re-Finance ਜਾਂ ਖ਼ਰੀਦਣਾ

**Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ**

**ਤਾਂ ARES LANDING Assist ਕਰ ਸਕਦੀ ਹੈ :**




SBA LOAN | FHA LOAN | CONVENTIONAL LOAN | Commercial Loan | PRIVATE LOAN | VA LOAN

## ਜੇਕਰ ਤੁਸੀਂ Veteran ਹੋ America ਦੇ ਤਾਂ

## ਤੁਹਾਨੂੰ 100% Financing Veteran ਦਾ ਆਪਾ ਦਵਾ ਸਕਦੇ ਹਾਂ

**Contact (TONY SINGH ) For More INFO at : (916) 519-7009**

DRE#: 01901843 | NMLS: 823070 | DRE# 02188764 | NMLS# 2402240

# TRS LDA SERVICES COMPANY

DRE# 02188764 | LDA# 2022-001

**Loan ਲੈਣ ਵਿੱਚ ਆਉਂਦੀ ਹੋਵੇ ਮੁਸ਼ਕਿਲ ਤਾਂ TRS LDA SERVICES COMPANY**
**ਕੋਲ ਹੈ Credit Repair ਦਾ ਹਰ ਹੱਲ**

Credit ਠੀਕ ਕਰਵਾਉਣਾ ਹੋਵੇ | Credit ਤੇ Negative Items ਹੋਣ | ਜ਼ਿਆਦਾ Enquiries ਹੋਣ

**ਤੁਹਾਡਾ LOAN ਪਾਸ ਨਾ ਹੁੰਦਾ ਹੋਵੇ, ਤਾਂ ਅਸੀਂ ਤੁਹਾਡਾ Credit FIX ਕਰਨ ਵਿੱਚ ਮਦਦ ਕਰਦੇ ਹਾਂ**
**ਤੁਹਾਡਾ Score ਘੱਟ ਹੈ ਤਾਂ ਸਾਡੀ Company Credit Repair ਵੀ ਕਰਦੀ ਹੈ**

**ਜਾਣਕਾਰੀ ਲਈ ਕਾਲ ਕਰੋ : Credit Analyst : Fatima Fierros : (916) 829-4200**

# Now Open New Banquet Hall in Sacramento

***For more info: Contact Paul : (916)334-6000***




# SONNY DHALIWAL

## for SUPERVISOR

**EXPERIENCED LEADERSHIP YOU CAN TRUST**

Paid for by Sonny Dhaliwal for County Supervisor 2024 FPPC#1459023

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE IMMIGRATION

Where Hope Meets

IMMIGRATION OPPORTUNITIES

USA SERVICES :
- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

INDIAN SERVICES :
- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

# ARCPOINT LABS
## OF MANTECA

Accurate, Reliable, Confidential Testing.

**ਸਾਡੀਆਂ ਸੇਵਾਵਾਂ :**

**DOT ਦੇ Drug ਤੇ Alcohal Testing**
**Pre- Employment Testing | Physicals**
**Hair & Nail Testing |Immigration DNA**
**Paternity & Relationship DNA**

**Health Checkups ਜਿਵੇਂ :**


Cholestrol Test


Heart Health


Thyroid Test


Diabetes Test


Food Allergy



Vitamin & Nutrient Test

**ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ**




**ਵਧੇਰੇ ਜਾਣਕਾਰੀ ਲਈ ਕਾਲ ਕਰੋ :**
**(209) 629-8282 |(209) 505-6384**

**Address : 119. Maple AVe, Suite A Manteca, CA 95336**


ਪ੍ਰੇਮ ਵਿਆਹ | ਸੌਤਨ ਦੁਸ਼ਮਨ ਤੋਂ ਛੁਟਕਾਰਾ
ਕੰਮ- ਕਾਰੋਬਾਰ 'ਚ ਰੁਕਾਵਟ | ਵਿਦੇਸ਼ ਯਾਤਰਾ ਜਾਂ PR 'ਚ ਰੁਕਾਵਟ
ਕਰਜ਼ਾ ਮੁਕਤੀ | ਗ੍ਰਿਹਿ ਕਲੇਸ਼ ਤੋਂ ਛੁਟਕਾਰਾ | ਪਤੀ -ਪਤਨੀ 'ਚ ਅਣਬਣ
ਕੀਤਾ ਕਰਾਇਆ | ਜਾਦੂ - ਟੂਣਾ | ਕੋਰਟ ਕੇਸ ਤੋਂ ਮੁਕਤੀ
ਲਾਟਰੀ ਦੇ ਲੱਕੀ ਨੰਬਰ ਪਾਓ | ਬਿਜ਼ਨਸ 'ਚ ਘਾਟਾ
Legal Documents
ਵਸ਼ੀਕਰਨ ਕਰਵਾਉਣਾ ਜਾਂ ਤੁੜਵਾਉਣ
ਪਿਆਰ 'ਚ ਧੋਖਾ ਖਾ ਚੁੱਕੇ ਪ੍ਰੇਮੀ -ਪ੍ਰੇਮਿਕਾ ਇੱਕ ਵਾਰ ਜ਼ਰੂਰ ਅਜ਼ਮਾਉਣ
ਕਾਲੇ ਜਾਦੂ ਵਰਗੀਆਂ ਸਮੱਸਿਆਂਵਾਂ ਦਾ ਜੜ ਤੋਂ ਖ਼ਾਤਮਾ
PANDIT SHARON
Contact (209) 629-6397
35 ਸਾਲ ਦਾ ਤਜ਼ਰਬਾ

Gillson
TRUCKING INC

# NOW Hiring
# Truck Drivers
# Class A CDL



- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

## Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

## Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

## Pay:

- Between **$80,000.00 - $120,000.00** per year
- Average pay: $**0.50- $0.60** cents/mile
- Weekly direct deposits
- Bonuses for clean inspections
- High mileage bonuses

## Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

- Flexible Home Time
- Pet Friendly
- Rider Policy

## Health Benefits:

Health Dental Vision



## Where to Apply

It's on our website the link under apply now. Please copy it here and then we would to have all.

**Apply Here:**

https://intelliapp.driverapponline.com/c/gillson?uri_b=ia_gillson_2058382794

## Contact:

1801 E Dr. Martin Luther King Jr. Blvd, Stockton, CA 95205
925-400-9094 | ext.116, ext.130 and ext.144
info@teamgillson.com

## Get in Touch:

gillsontrucking
gillsontrucking
company/gillsontrucking
www.teamgillson.com

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




# CAPITAL DRUG TESTING

Capital DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

